ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 6 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੨੪ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਕਾਂਗਰਸ ਨੇ ਆਸ਼ੂ ਨੂੰ ਐਲਾਨਿਆ ਉਮੀਦਵਾਰ, ਲੁਧਿਆਣਾ ਪੱਛਮੀ ਤੋਂ 2 ਵਾਰ ਰਹਿ ਚੁੱਕੇ ਹਨ ਵਿਧਾਇਕ

**ਲੁਧਿਆਣਾ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-



ਲੁਧਿਆਣਾ ਜ਼ਿਮਨੀ ਚੋਣ ਨੂੰ ਲੈ ਕੇ ਕਾਂਗਰਸ ਪਾਰਟੀ ਨੇ ਉਮੀਦਵਾਰ ਦੇ ਨਾਮ ਦਾ ਰਸਮੀ ਐਲਾਨ ਦਾ ਕਰ ਦਿੱਤਾ ਹੈ। ਪਾਰਟੀ ਨੇ ਲੁਧਿਆਣਾ ਪੱਛਮੀ ਤੋਂ ਦੋ ਵਾਰ ਜੇਤੂ ਰਹੇ ਸਾਬਕਾ ਵਿਧਾਇਕ ਭਾਰਤ ਭੂਸ਼ਣ ਆਸ਼ੂ 'ਤੇ ਹੀ ਮੁੜ ਦਾਅ ਖੇਡਿਆ ਹੈ। ਦੱਸ ਦਈਏ ਕਿ ਆਸ਼ੂ, ਲੁਧਿਆਣਾ ਹਲਕੇ ਵਿੱਚ ਕਾਂਗਰਸ ਪਾਰਟੀ ਦੇ ਇੱਕ ਵੱਡੇ ਹਿੰਦੂ ਨੇਤਾ ਹਨ। ਉਹ ਕਾਂਗਰਸ ਸਰਕਾਰ ਵਿੱਚ ਦੋ ਵਾਰ ਮੰਤਰੀ ਰਹਿ ਚੁੱਕੇ ਹਨ।ਆਸ਼ੂ ਦਾ ਮੁਕਾਬਲਾ, ਸੱਤਾਧਾਰੀ ਆਮ ਆਦਮੀ ਪਾਰਟੀ ਦੇ ਉਮੀਦਵਾਰ ਰਾਜ ਸਭਾ ਮੈਂਬਰ ਸੰਜੀਵ ਅਰੋੜਾ ਨਾਲ ਮੰਨਿਆ ਜਾ ਰਿਹਾ ਹੈ। ਇੱਕ ਵਾਰ 2012 ਵਿੱਚ ਅਤੇ ਫਿਰ 2017 ਵਿੱਚ ਪਾਰਟੀ ਵਿਧਾਇਕ ਵੱਜੋਂ ਜਿੱਤੇ ਸਨ। ਆਸ਼ੂ, ਕੈਪਟਨ ਅਮਰਿੰਦਰ ਸਿੰਘ ਅਤੇ ਫਿਰ ਚਰਨਜੀਤ ਸਿੰਘ ਚੰਨੀ ਦੀ ਸਰਕਾਰ ਵਿੱਚ ਮੰਤਰੀ ਵੀ ਰਹੇ ਸਨ।ਦੋਹਾਂ ਸਰਕਾਰਾਂ ਵਿੱਚ ਉਹ ਖ਼ੁਰਾਕ ਤੇ ਸਿਵਲ ਸਪਲਾਈ ਮੰਤਰੀ ਰਹੇ ਸਨ।

# ਬਠਿੰਡਾ 'ਚ ਪੁਲਿਸ ਨੇ ਅਧਿਆਪਕਾਂ ਤੇ ਕਿਸਾਨਾਂ 'ਤੇ ਵਰ੍ਹਾਈਆਂ ਡਾਂਗਾਂ, ਔਰਤਾਂ ਦੇ ਮਾਰੀਆਂ ਚਪੇੜਾਂ

**ਬਠਿੰਡਾ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਵਿੱਚ ਆਦਰਸ਼ ਸਕੂਲ ਚਾਉਕੇ ਦਾ ਮਾਮਲਾ ਖਤਮ ਨਹੀਂ ਹੋ ਰਿਹਾ ਹੈ। ਬਠਿੰਡਾ ਪੁਲਿਸ ਵੱਲੋਂ ਸ਼ਨੀਵਾਰ ਰਾਮਪੁਰਾ ਥਾਣਾ ਸਦਰ ਅੱਗੇ ਧਰਨਾ ਲਾ ਕੇ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਅਤੇ ਅਧਿਆਪਕਾਂ 'ਤੇ ਲਾਠੀਚਾਰਜ ਕਰਕੇ ਖਦੇੜਿਆ ਗਿਆ। ਪੁਲਿਸ ਵੱਲੋਂ ਪ੍ਰਦਰਸ਼ਨਕਾਰੀਆਂ ਦੀ ਜੰਮ ਕੇ ਖਿੱਚ ਧੂਹ ਵੀ ਕੀਤੀ ਗਈ। ਜਾਣਕਾਰੀ ਅਨੁਸਾਰ ਪੁਲਿਸ ਸ਼ਨੀਵਾਰ ਸਵੇਰ ਤੋਂ ਹੀ ਧਰਨਾਕਾਰੀਆਂ ਨੂੰ ਖਦੇੜਨ ਵਿੱਚ ਲੱਗੀ ਰਹੀ।ਦੱਸ ਦਈਏ ਕਿ ਧਰਨਾਕਾਰੀਆਂ ਵਿੱਚ ਆਦਰਸ਼ ਸਕੂਲ ਦੇ ਬਰਖਾਸਤ ਕੀਤੇ ਅਧਿਆਪਕਾਂ ਦੀ ਗ੍ਰਿਫ਼ਤਾਰੀ ਖਿਲਾਫ਼ ਰੋਸ ਪਾਇਆ ਜਾ ਰਿਹਾ ਹੈ, ਜਿਸ ਕਾਰਨ ਉਨ੍ਹਾਂ ਨੇ ਥਾਣਾ ਸਦਰ ਰਾਮਪੁਰਾ ਵਿਖੇ ਬਠਿੰਡਾ-ਚੰਡੀਗੜ੍ਹ ਨੈਸ਼ਨਲ ਹਾਈਵੇ 'ਤੇ ਧਰਨਾ ਲਗਾ ਦਿੱਤਾ। ਉਪਰੰਤ ਇਨ੍ਹਾਂ ਨੂੰ ਖਦੇੜਨ ਲਈ ਪੁਲਿਸ ਨੇ ਜ਼ਬਰਦਸਤੀ ਚੁੱਕਣਾ ਸ਼ੁਰੂ ਕਰ ਦਿੱਤਾ ਅਤੇ ਪੁਲਿਸ ਬਲ ਦੀ ਵਰਤੋਂ ਕੀਤੀ ਗਈ। ਪੁਲਿਸ ਨੇ ਇਸ ਦੌਰਾਨ ਧਰਨਾਕਾਰੀਆਂ ਦੀ ਜੰਮ ਕੇ ਘੜੀਸ-ਧੂਹ ਕੀਤੀ ਅਤੇ ਲਾਠੀਆਂ ਵਰ੍ਹਾਈਆਂ। ਮਹਿਲਾ ਪੁਲਿਸ ਮੁਲਾਜ਼ਮਾਂ ਵੀ ਪਿੱਛੇ ਨਹੀਂ ਰਹੀਆਂ ਅਤੇ ਕਿਸਾਨ ਬੀਬੀਆਂ ਤੇ ਅਧਿਆਪਕਾਂ ਨਾਲ ਖਿੱਚ ਧੂਹ ਕਰਦੀਆਂ ਵਿਖਾਈ ਦਿੱਤੀਆਂ। ਮਹਿਲਾ ਪੁਲਿਸ ਮੁਲਾਜ਼ਮਾਂ ਨੇ ਇਸ ਦੌਰਾਨ ਕੁੱਝ ਪ੍ਰਦਰਸ਼ਨਕਾਰੀ ਬੀਬੀਆਂ ਦੇ ਗੁੱਸੇ ਵਿੱਚ ਵੱਟ ਵੱਟ ਕੇ ਚਪੇੜਾਂ ਵੀ ਜੜੀਆਂ ਅਤੇ ਜ਼ਮੀਨ 'ਤੇ ਘੜੀਸ 'ਤੇ ਲਿਜਾਂਦੀਆਂ ਵੀ ਵਿਖਾਈ ਦਿੱਤੀਆਂ। ਜ਼ਿਕਰਯੋਗ ਹੈ ਕਿ ਰਾਮਪੁਰਾ ਫੂਲ ਦੇ ਚੌਂਕ ਵਿੱਚ ਸਥਿਤ ਆਦਰਸ਼ ਸਕੂਲ ਦੇ ਅਧਿਆਪਕ ਅਤੇ ਚੌਥੇ ਦਰਜੇ ਦੇ ਕਰਮਚਾਰੀ ਤਨਖਾਹਾਂ ਨਾ ਮਿਲਣ ਅਤੇ ਕਥਿਤ ਤੌਰ 'ਤੇ ਜ਼ਬਰਦਸਤੀ ਬਰਖਾਸਤਗੀ ਕਾਰਨ ਵਿਰੋਧ ਪ੍ਰਦਰਸ਼ਨ ਕਰ ਰਹੇ ਹਨ। ਜਨਤਕ-ਨਿੱਜੀ ਭਾਈਵਾਲੀ (ਪੀਪੀਪੀ) ਨੀਤੀ ਅਧੀਨ ਚੱਲ ਰਹੇ ਇਸ ਸਕੂਲ ਨੇ ਕਥਿਤ ਤੌਰ 'ਤੇ 4 ਤੋਂ 6 ਮਹੀਨਿਆਂ ਲਈ ਤਨਖਾਹਾਂ ਰੋਕੀਆਂ ਹੋਈਆਂ ਸਨ, ਜਿਸ ਨੂੰ ਲੈ ਕੇ ਚਿੰਤਾਵਾਂ ਜ਼ਾਹਰ ਕਰਨ ਵਾਲੇ ਅਧਿਆਪਕਾਂ ਨੂੰ ਕਥਿਤ ਤੌਰ 'ਤੇ ਬਰਖਾਸਤ ਕਰ ਦਿੱਤਾ ਗਿਆ ਸੀ। ਇਹ ਵਿਰੋਧ ਪ੍ਰਦਰਸ਼ਨ 70 ਦਿਨਾਂ ਤੋਂ ਵੱਧ ਸਮੇਂ ਤੋਂ ਜਾਰੀ ਸੀ, ਜਿਸ ਨੂੰ ਪਿਛਲੇ ਦਿਨੀ ਪੁਲਿਸ ਬਲ ਨਾਲ ਚੁੱਕ ਕੇ ਬਰਖਾਸਤ ਅਧਿਆਪਕਾਂ ਨੂੰ ਹਿਰਾਸਤ ਵਿੱਚ ਲੈ ਲਿਆ ਸੀ ਅਤੇ ਕੇਸ ਦਰਜ ਕੀਤਾ ਗਿਆ ਸੀ।



## 30 ਝੁੱਗੀਆਂ ਨੂੰ ਲੱਗੀ ਭਿਆਨਕ ਅੱਗ, ਪਲਾਂ 'ਚ ਹੀ ਸੜ ਗਏ ਆਸ਼ਿਆਨੇ

**ਕਪੂਰਥਲਾ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸੁਲਤਾਨਪੁਰ ਲੋਧੀ ਜੀ. ਟੀ. ਰੋਡ ਤੇ ਦਾਣਾ ਮੰਡੀ ਖੈੜਾ ਮੰਦਰ ਦੇ ਸਾਹਮਣੇ ਪ੍ਰਵਾਸੀ ਮਜ਼ਦੂਰਾਂ ਵੱਲੋਂ ਆਪਣਾ ਰੈਣ ਬਸੇਰਾ ਕਰਨ ਲਈ ਬਣਾਈਆਂ ਗਈਆਂ ਝੁੱਗੀਆਂ ਝੌਂਪੜੀਆਂ ਨੂੰ ਅਚਾਨਕ ਅੱਗ ਲੱਗਣ ਨਾਲ ਲਗਭਗ 30 ਦੇ ਕਰੀਬ ਝੁੱਗੀਆਂ ਸੜ ਗਈਆਂ। ਝੁੱਗੀਆਂ ਵਿਚ ਪਿਆ ਪ੍ਰਵਾਸੀ ਮਜ਼ਦੂਰਾਂ ਦਾ ਸਾਮਾਨ ਅਤੇ ਨਗਦੀ ਵੀ ਸੜ ਕੇ ਸੁਆਹ ਹੋ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵੱਖ-ਵੱਖ ਪ੍ਰਵਾਸੀ ਮਜ਼ਦੂਰਾਂ ਨੇ ਦੱਸਿਆ ਕਿ ਵੇਖਦੇ ਹੀ ਵੇਖਦੇ ਸਾਡੀਆਂ ਅੱਖਾਂ ਦੇ ਸਾਹਮਣੇ ਝੁੱਗੀਆਂ 'ਤੋਂ ਲੰਘਦੀ 11000 ਵੋਲਟ ਪਾਵਰ ਲਾਈਨ ਇਕ ਖੰਭੇ ਕੋਲੋਂ ਸਪਾਰਕਿੰਗ ਹੋਣ ਕਾਰਨ ਝੁੱਗੀਆਂ ਨੂੰ ਅੱਗ ਲੱਗ ਗਈ । ਉਨ੍ਹਾਂ ਦੱਸਿਆ ਅੱਗ ਅਚਾਨਕ ਇੰਨੀ ਵੱਧ ਗਈ ਕਿ ਉਹ ਕੰਨਟ੍ਰੋਲ ਤੋਂ ਬਾਹਰ ਹੋ ਗਈ। ਇਸ ਦੌਰਾਨ ਝੁਗੀਆਂ ਵਿਚੋਂ ਪ੍ਰਵਾਸੀ ਮਜ਼ਦੂਰਾਂ ਨੇ ਤਾਂ ਖੁਦ ਭਾਵੇਂ ਭੱਜ ਕੇ ਆਪਣੀ ਜਾਨ ਬਚਾ ਲਈ ਪਰ ਝੁੱਗੀਆਂ ਵਿਚ ਪਿਆ ਸਾਮਾਨ ਅਤੇ ਨਗਦੀ ਸੜ ਕੇ ਸਵਾਹ ਹੋ ਗਿਆ। ਫਾਇਰ ਅਫ਼ਸਰ ਗੁਰਪ੍ਰੀਤ ਸਿੰਘ ਨੇ ਸ਼ਨੀਵਾਰ ਦੁਪਹਿਰ 3 ਵਜੇ ਦੇ ਕਰੀਬ ਦੱਸਿਆ ਕਿ ਅੱਗ 'ਤੇ ਕਾਬੂ ਪਾਉਣ ਲਈ ਕਪੂਰਥਲਾ, ਸੁਲਤਾਨਪੁਰ ਲੋਧੀ, ਆਰ.ਸੀ.ਐਫ. ਤੇ ਕਰਤਾਰਪੁਰ ਤੋਂ ਚਾਰ ਗੱਡੀਆਂ ਆਈਆਂ ਸਨ, ਜਿਨ੍ਹਾਂ ਨੇ ਅੱਗ 'ਤੇ ਕਾਬੂ ਪਾ ਲਿਆ ਹੈ।



## ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਦੀ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਅਪੀਲ ,ਹੁਣ ਮਰਨ ਵਰਤ ਖ਼ਤਮ ਕਰੋ; 4 ਮਈ ਨੂੰ ਕਿਸਾਨਾਂ ਨਾਲ ਕਰਾਂਗੇ ਗੱਲਬਾਤ





**ਨਵੀਂ ਦਿੱਲੀ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਆਪਣਾ ਮਰਨ ਵਰਤ ਖ਼ਤਮ ਕਰਨ ਦੀ ਅਪੀਲ ਕੀਤੀ ਹੈ। ਕੇਂਦਰੀ ਮੰਤਰੀ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਪੋਸਟ ਸ਼ੇਅਰ ਕਰਦਿਆਂ ਗੱਲਬਾਤ ਦਾ ਦੌਰ ਜਾਰੀ ਰੱਖਣ ਦੀ ਗੱਲ ਕਹੀ ਹੈ।ਉਨ੍ਹਾਂ ਇਹ ਕਿਹਾ ਕਿ ਸਰਕਾਰ ਕਿਸਾਨਾਂ ਪ੍ਰਤੀ ਗੰਭੀਰ ਹੈ।ਉਨ੍ਹਾਂ ਦੀ ਇਹ ਅਪੀਲ ਉਦੋਂ ਆਈ ਹੈ ,ਜਦੋਂ ਜਗਜੀਤ ਸਿੰਘ ਡੱਲੇਵਾਲ ਨੂੰ ਹਸਪਤਾਲ ਤੋਂ ਛੁੱਟੀ ਦੇ ਕੇ ਘਰ ਭੇਜ ਦਿੱਤਾ ਗਿਆ ਹੈ। ਕੇਂਦਰੀ ਮੰਤਰੀ ਨੇ ਆਪਣੇ ਸੋਸ਼ਲ ਮੀਡੀਆ 'ਤੇ ਕਿਹਾ ਕਿ ਭਾਰਤ ਸਰਕਾਰ ਦੇ ਪ੍ਰਤੀਨਿਧੀਆਂ ਅਤੇ ਕਿਸਾਨ ਸੰਗਠਨਾਂ ਦੇ ਪ੍ਰਤੀਨਿਧੀਆਂ ਵਿਚਕਾਰ ਉਨ੍ਹਾਂ ਦੀਆਂ ਮੰਗਾਂ ਸਬੰਧੀ ਚੱਲ ਰਹੀ ਗੱਲਬਾਤ ਜਾਰੀ ਹੈ। ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਹੁਣ ਹਸਪਤਾਲ ਤੋਂ ਵਾਪਸ ਆ ਗਏ ਹਨ ਅਤੇ ਅਸੀਂ ਉਨ੍ਹਾਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕਰਦੇ ਹਾਂ। ਨਾਲ ਹੀ ਅਸੀਂ ਉਨ੍ਹਾਂ ਨੂੰ ਆਪਣਾ ਮਰਨ ਵਰਤ ਖਤਮ ਕਰਨ ਦੀ ਵੀ ਬੇਨਤੀ ਕਰਦੇ ਹਾਂ ਅਤੇ ਅਸੀਂ ਪਹਿਲਾਂ ਤੋਂ ਤੈਅ ਮਿਤੀ ਅਨੁਸਾਰ 4 ਮਈ ਨੂੰ ਸਵੇਰੇ 11 ਵਜੇ ਕਿਸਾਨ ਸੰਗਠਨਾਂ ਦੇ ਨੁਮਾਇੰਦਿਆਂ ਨਾਲ ਗੱਲਬਾਤ ਲਈ ਮਿਲਾਂਗੇ। ਦੱਸ ਦੇਈਏ ਕਿ ਪਿਛਲੇ ਵੀਰਵਾਰ ਨੂੰ ਹੀ ਜਗਜੀਤ ਸਿੰਘ ਡੱਲੇਵਾਲ ਨੂੰ ਪਟਿਆਲਾ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ ਸੀ। ਇਸ ਤੋਂ ਬਾਅਦ ਉਹ ਆਪਣੇ ਜੱਦੀ ਪਿੰਡ ਪਹੁੰਚ ਗਏ। ਡੱਲੇਵਾਲ ਨੇ ਕਿਹਾ ਸੀ ਕਿ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਹੋਣ ਤੱਕ ਸੰਘਰਸ਼ ਇਸੇ ਤਰ੍ਹਾਂ ਜਾਰੀ ਰਹੇਗਾ। ਜਗਜੀਤ ਸਿੰਘ ਡੱਲੇਵਾਲ 3 ਅਪ੍ਰੈਲ ਨੂੰ ਜੱਦੀ ਪਿੰਡ ਡੱਲੇਵਾਲਾ ਵਿਖੇ ਹੋਈ ਡੱਲੇਵਾਲ ਮਹਾਂਪੰਚਾਇਤ ਵਿੱਚ ਸ਼ਾਮਿਲ ਹੋਏ ਸਨ।

## ਮਹਿਲਾ ਕਾਂਸਟੇਬਲ ਹਰਿਆਣਾ ਵਿੱਚ ਵੇਚਦੀ ਸੀ ਹੈਰੋਇਨ, ਗੁਰਮੀਤ ਕੌਰ ਦੇ ਪਤੀ ਨਾਲ ਮਿਲ ਕੇ ਸਿਰਸਾ 'ਚ ਬਣਾਇਆ ਚਿੱਟੇ ਦਾ ਨੈੱਟਵਰਕ

**ਬਠਿੰਡਾ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ 'ਚ ਨਸ਼ੇ ਸਣੇ ਕਾਬੂ ਕੀਤੀ ਗਈ ਥਾਰ ਸਵਾਰ ਮਹਿਲਾ ਕਾਂਸਟੇਬਲ ਅਮਨਦੀਪ ਕੌਰ ਦਾ ਹਰਿਆਣਾ ਕਨੈਕਸ਼ਨ ਵੀ ਸਾਹਮਣੇ ਆਇਆ ਹੈ। ਅਮਨਦੀਪ ਕੌਰ ਜਿਸ



ਬਲਵਿੰਦਰ ਸਿੰਘ ਨਾਲ ਰਹਿ ਰਹੀ ਸੀ,ਉਹ ਹਰਿਆਣਾ ਦੇ ਸਿਰਸਾ ਦੇ ਖੈਰਪੁਰ ਦੀ ਰਹਿਣ ਵਾਲੀ ਗੁਰਮੀਤ ਕੌਰ ਦਾ ਪਤੀ ਹੈ। ਗੁਰਮੀਤ ਕੌਰ ਕਹਿੰਦੀ ਹੈ ਕਿ ਉਸਦੇ ਪਤੀ ਨੇ ਮਹਿਲਾ ਕਾਂਸਟੇਬਲ ਲਈ ਦੋ ਧੀਆਂ ਸਮੇਤ ਉਸਨੂੰ ਘਰੋਂ ਕੱਢ ਦਿੱਤਾ ਅਤੇ ਘਰ ਵੀ ਵੇਚ ਦਿੱਤਾ ਸੀ। ਇਸ ਦੇ ਬਦਲੇ ਉਨ੍ਹਾਂ ਨੇ ਬਠਿੰਡਾ ਦੇ ਵਿਰਾਟ ਗ੍ਰੀਨ ਵਿੱਚ ਇੱਕ ਆਲੀਸ਼ਾਨ ਕੋਠੀ ਬਣਾਈ ਹੈ, ਜਿਸਦੀ ਕੀਮਤ 2 ਕਰੋੜ ਰੁਪਏ ਹੈ। ਸਿਰਸਾ ਵਿੱਚ ਹੀ ਉਸਦੇ ਪਤੀ ਨੇ ਹੈਰੋਇਨ ਵੇਚਣ ਦਾ ਪੂਰਾ ਨੈੱਟਵਰਕ ਬਣਾ ਰੱਖਿਆ ਹੈ। ਉਸ ਨੇ ਦੱਸਿਆ ਕਿ ਅਮਨਦੀਪ ਕੌਰ ਹੈਰੋਇਨ ਲਿਆਉਂਦੀ ਸੀ ,ਜਿਸ ਨੂੰ ਬਲਵਿੰਦਰ ਪੈਕੇਟ ਬਣਾ ਕੇ ਸਿਰਸਾ ਵਿੱਚ ਵੇਚਦਾ ਸੀ।ਉਹ ਜਿਸ ਬੁਲੇਟ ਮੋਟਰਸਾਈਕਲ ਨੂੰ ਚਲਾਉਂਦਾ ਸੀ, ਉਸ 'ਤੇ ਪੰਜਾਬ ਪੁਲਿਸ ਦਾ ਸਟਿੱਕਰ ਲੱਗਿਆ ਹੋਇਆ ਹੈ। ਪੁਲਿਸ ਉਸਨੂੰ ਨਹੀਂ ਰੋਕਦੀ ਅਤੇ ਉਹ ਬੇਖੌਫ਼ ਚਿੱਟਾ ਲੈ ਕੇ ਨਿਕਲ ਜਾਂਦਾ ਹੈ। ਲੇਡੀ ਕਾਂਸਟੇਬਲ ਅਮਨਦੀਪ ਕੌਰ ਅਤੇ ਉਸਦਾ ਸਾਥੀ ਬਲਵਿੰਦਰ ਉਰਫ਼ ਸੋਨੂੰ ਪਹਿਲਾਂ ਵੀ ਦੋ ਵਾਰ ਗ੍ਰਿਫ਼ਤਾਰ ਹੋ ਚੁੱਕਾ ਹੈ। 2022 ਵਿੱਚ ਪਹਿਲੀ ਵਾਰ ਫਿਨਾਇਲ ਪੀਣ ਤੋਂ ਬਾਅਦ ਐਸਐਸਪੀ ਦਫ਼ਤਰ ਦੇ ਸਾਹਮਣੇ ਹੰਗਾਮਾ ਕਰਨ ਦੇ ਦੋਸ਼ ਵਿੱਚ ਮਹਿਲਾ ਕਾਂਸਟੇਬਲ ਅਤੇ ਉਸਦੇ ਸਾਥੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਤੋਂ ਪਹਿਲਾਂ ਗੁਰਮੀਤ ਕੌਰ ਨੂੰ ਕੁੱਟਣ ਤੋਂ ਬਾਅਦ ਅਮਨਦੀਪ ਕੌਰ ਨੇ ਫਿਨਾਇਲ ਪੀ ਕੇ ਖੁਦਕੁਸ਼ੀ ਕਰਨ ਦੀ ਕੋਸ਼ਿਸ਼ ਕੀਤੀ। ਉਦੋਂ ਵੀ ਪੁਲਿਸ ਨੇ ਉਨ੍ਹਾਂ ਵਿਰੁੱਧ ਮਾਮਲਾ ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਸੀ। ਗੁਰਮੀਤ ਕੌਰ ਦਾ ਆਰੋਪ ਹੈ ਕਿ ਮਹਿਲਾ ਕਾਂਸਟੇਬਲ ਨੂੰ ਬਚਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਉਸ ਦੀਆਂ ਜਾਇਦਾਦਾਂ ਨੂੰ ਸੁਰੱਖਿਅਤ ਰੱਖਣ ਦੀ ਵੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਮਹਿਲਾ ਕਾਂਸਟੇਬਲ ਬਠਿੰਡਾ ਦੇ ਵਿਰਾਟ ਗ੍ਰੀਨ ਵਿੱਚ ਰਹਿੰਦੀ ਹੈ। ਉਸਦੀ ਓਥੇ ਇੱਕ ਕੋਠੀ ਵੀ ਹੈ, ਜਿਸਦੀ ਕੀਮਤ 2 ਕਰੋੜ ਰੁਪਏ ਦੱਸੀ ਜਾਂਦੀ ਹੈ, ਪਰ ਪੁਲਿਸ ਵੱਲੋਂ ਦਿੱਤੇ ਪਰਚੇ ਵਿੱਚ ਐਡਰੈੱਸ ਲਾਲ ਸਿੰਘ ਬਸਤੀ ਦੱਸਿਆ ਗਿਆ ਹੈ। ਅਦਾਲਤ ਨੇ ਅਮਨਦੀਪ ਕੌਰ ਨੂੰ 2 ਦਿਨ ਦੇ ਰਿਮਾਂਡ 'ਤੇ ਪੁਲਿਸ ਦੇ ਹਵਾਲੇ ਕਰ ਦਿੱਤਾ ਹੈ। ਪੁਲਿਸ ਨੇ ਇਸ ਮਾਮਲੇ ਵਿੱਚ ਉਸਦੇ ਸਾਥੀ ਬਲਵਿੰਦਰ ਸਿੰਘ ਉਰਫ਼ ਸੋਨੂੰ ਨੂੰ ਵੀ ਨਾਮਜ਼ਦ ਕੀਤਾ ਹੈ। ਡੀਐਸਪੀ ਹਰਬੰਸ ਸਿੰਘ ਨੇ ਕਿਹਾ ਕਿ ਪਹਿਲਾਂ ਇੱਕ ਦਿਨ ਦਾ ਰਿਮਾਂਡ ਮਿਲਿਆ ਸੀ। ਪੁਲਿਸ ਨੇ ਇੱਕ ਹਫ਼ਤੇ ਦਾ ਰਿਮਾਂਡ ਮੰਗਿਆ ਸੀ। ਪੁਲਿਸ ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਹੈ ਕਿ ਬਲਵਿੰਦਰ ਸਿੰਘ ਵੀ ਨਸ਼ੇ ਦੇ ਕਾਰੋਬਾਰ ਵਿੱਚ ਸ਼ਾਮਲ ਸੀ। ਪੁਲਿਸ ਹੁਣ ਦੋਵਾਂ ਆਰੋਪੀਆਂ ਦੀ ਜਾਇਦਾਦ ਅਤੇ ਗੈਰ-ਕਾਨੂੰਨੀ ਕਾਰੋਬਾਰ ਨਾਲ ਸਬੰਧਤ ਸਾਰੇ ਸਬੰਧਾਂ ਦੀ ਜਾਂਚ ਕਰੇਗੀ।

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ 'ਚ ਕੇਂਦਰ ਤੇ ਪੰਜਾਬ ਸਰਕਾਰ ਬਣਾਏ ਸਖ਼ਤ ਤੇ ਵਿਸ਼ੇਸ਼ ਕਾਨੂੰਨ : ਜਥੇਦਾਰ ਕੁਲਦੀਪ ਸਿੰਘ ਗੜਗੱਜ

**ਅੰਮ੍ਰਿਤਸਰ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ



ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਵਿੱਚ ਕੇਂਦਰ ਅਤੇ ਪੰਜਾਬ ਸਰਕਾਰ ਸਖ਼ਤ ਅਤੇ ਵਿਸ਼ੇਸ਼ ਕਾਨੂੰਨ ਬਣਾਉਣ।ਦਫ਼ਤਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਇੱਕ ਬਿਆਨ ਵਿੱਚ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਿੱਖਾਂ ਦੇ ਜੁਗੋ ਜੁਗ ਅਟੱਲ ਹਾਜ਼ਰ ਨਾਜ਼ਰ ਗੁਰੂ ਹਨ ਅਤੇ ਜਦੋਂ ਵੀ ਕਿਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਹੁੰਦੀ ਹੈ ਤਾਂ ਦੇਸ਼ ਦੁਨੀਆ ਵਿੱਚ ਵੱਸਦੇ ਸਿੱਖਾਂ ਦੇ ਹਿਰਦੇ ਵਲੂੰਧਰੇ ਜਾਂਦੇ ਹਨ। ਜ਼ਿਕਰਯੋਗ ਹੈ ਕਿ ਬੀਤੇ ਕੱਲ੍ਹ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਪਟਿਆਲਾ ਜ਼ਿਲ੍ਹੇ ਦੇ ਸਮਾਣਾ ਵਿਖੇ ਕਰੀਬ ਛੇ ਮਹੀਨਿਆਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਰੋਕਣ ਲਈ ਦੋਸ਼ੀਆਂ ਖਿਲਾਫ ਸਖ਼ਤ ਕਾਨੂੰਨ ਦੀ ਮੰਗ ਕਰਦਿਆਂ ਟਾਵਰ ਉੱਤੇ ਚੜ੍ਹਕੇ ਸੰਘਰਸ਼ ਕਰ ਰਹੇ ਭਾਈ ਗੁਰਜੀਤ ਸਿੰਘ ਖ਼ਾਲਸਾ ਨਾਲ ਮੁਲਾਕਾਤ ਕਰਨ ਲਈ ਪੁੱਜੇ ਸਨ। ਜਥੇਦਾਰ ਗੜਗੱਜ ਨੇ ਭਾਈ ਗੁਰਜੀਤ ਸਿੰਘ ਨਾਲ ਵੀਡੀਓ ਕਾਲ ਉੱਤੇ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਆਪਣੀ ਭੁੱਖ ਹੜਤਾਲ ਛੱਡਣ, ਭੋਜਣ ਛਕਣ ਤੇ ਸੰਘਰਸ਼ ਜਾਰੀ ਰੱਖਣ ਲਈ ਕਿਹਾ ਅਤੇ ਇਹ ਭਰੋਸਾ ਦਿੱਤਾ ਕਿ ਇਸ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸਮੁੱਚਾ ਸਿੱਖ ਜਗਤ ਉਨ੍ਹਾਂ ਦੇ ਨਾਲ ਹੈ। ਜਥੇਦਾਰ ਗੜਗੱਜ ਨੇ ਕਿਹਾ ਕਿ ਪਿਛਲੇ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ ਪੰਜਾਬ ਦੇ ਨਾਲ-ਨਾਲ ਹੋਰ ਸੂਬਿਆਂ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਸਮੇਂ-ਸਮੇਂ ਵਾਪਰਦੀਆਂ ਰਹੀਆਂ ਹਨ ਅਤੇ ਇਨ੍ਹਾਂ ਘਟਨਾਵਾਂ ਲਈ ਸਮੁੱਚਾ ਸਿੱਖ ਜਗਤ ਚਿੰਤਤ ਹੈ। ਉਨ੍ਹਾਂ ਕਿਹਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ 'ਤੇ ਸਾਰੀਆਂ ਸਿਆਸੀ ਪਾਰਟੀਆਂ ਹੀ ਸਿਆਸਤ ਕਰਦੀਆਂ ਰਹੀਆਂ ਹਨ, ਪਰ ਜੋ ਕੰਮ ਉਨ੍ਹਾਂ ਦੇ ਕਰਨ ਵਾਲਾ ਹੈ, ਉਹ ਨਹੀਂ ਕੀਤਾ ਗਿਆ। ਇਹ ਕਾਰਜ ਬੇਅਦਬੀ ਕਰਨ ਵਾਲੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦੇਣ ਵਾਲਾ ਕਾਨੂੰਨ ਬਣਾਉਣ ਦਾ ਹੈ। ਜਥੇਦਾਰ ਗੜਗੱਜ ਨੇ ਕਿਹਾ ਸਿੱਖਾਂ ਦੀ ਨੁਮਾਇੰਦਾ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਸ ਦੇ ਸਮੇਂ-ਸਮੇਂ ਰਹੇ ਪ੍ਰਧਾਨ ਸਾਹਿਬਾਨ ਵੱਲੋਂ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਵਿੱਚ ਜਨਰਲ ਇਜਲਾਸ ਅਤੇ ਅੰਤ੍ਰਿੰਗ ਕਮੇਟੀ ਦੇ ਕਈ ਮਤੇ ਪਾਸ ਕਰਕੇ ਸਰਕਾਰਾਂ ਤੋਂ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਕੀਤੀ ਹੈ, ਪਰ ਦੁੱਖ ਦੀ ਗੱਲ ਹੈ ਕਿ ਸਰਕਾਰਾਂ ਇਸ ਸੰਜੀਦਾ ਮਸਲੇ ਉੱਪਰ ਧਿਆਨ ਨਹੀਂ ਦੇ ਰਹੀਆਂ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।


**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang

+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

Website : www.nsycuk.com

E-mail : gnstuk@hotmail.com


ਸੇਵਕਕੀਓੜਕਿਨਿਬਹੀਪ੍ਰੀਤਿ॥
ਜੀਵਤਸਾਹਿਬੁਸੇਵਿਓਅਪਨਾਚਲਤੇਰਾਖਿਓਚੀਤਿ॥
ਸ਼ਰਧਾਂਜਲੀ ਸਮਾਗਮ ਯੂ.ਕੇ.
ਐਤਵਾਰ, 6 ਅਪ੍ਰੈਲ 2025
01:00 PM
ਗੁਰੂ ਨਾਨਕ ਗੁਰਦੁਆਰਾ ਸਮੈਥਵਿਕ
130 High Street,
Smethwick B66 3AP
ਆਵਾਜ਼ਿ ਕੌਮ
AWAZE QAUM
International Newspaper & WEB TV
1978 ਤੋਂ ਹੀ ਅਜਾਦੀ ਦੇ ਸੰਘਰਸ਼ ਦੇ ਥੰਮ੍ਹ, ਗੁਰੂ ਪਿਆਰੇ ਜੁਝਾਰੂ ਕੌਮੀ ਜਰਨੈਲ
ਬੱਬਰ ਖਾਲਸਾ ਇੰਟਰਨੈਸ਼ਨਲ ਦੇ ਜਨਰਲ ਸਕੱਤਰ
ਜਥੇਦਾਰ ਭਾਈ ਮਹਿਲ ਸਿੰਘ ਬੱਬਰ
ਗੁਰੂ ਵੱਲੋਂ ਬਖਸ਼ੀ ਸਵਾਸਾਂ ਦੀ ਪੂੰਜੀ ਨੂੰ ਭੋਗ ਕੇ ਅਕਾਲ ਚਲਾਣਾ ਕਰ ਗਏ ਹਨ। ਉਨਾਂ ਦੀ ਮਿੱਠੀ ਯਾਦ ਵਿੱਚ ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ,ਕੇ ਅਤੇ ਸਮੂਹ ਸਿੱਖ ਜਥੇਬੰਦੀਆਂ ਵਲੋਂ ਸ਼ਰਧਾਂਜ਼ਲੀ ਸਮਾਗਮ ਗੁਰੂ ਨਾਨਕ ਗੁਰਦਵਾਰਾ ਸਮੈਦਿਕ ਵਿਖੇ 6 ਐਪਰੈਲ ਐਤਵਾਰ ਵਾਲੇ ਦਿਨ 1 ਵਜੇ ਕਰਵਾਇਆ ਜਾ ਰਿਹਾ ਹੈ। ਸੋ ਆਪ ਸਭ ਨੂੰ ਸ਼ਮੂਲੀਅਤ ਕਰਨ ਦੀ ਬੇਨਤੀ ਹੈ । ਆਉ ! ਜਿੰਦਗੀ ਦੇ ਚਾਰ ਦਹਾਕੇ ਕੌਮ ਦੇ ਲੇਖੇ ਲਗਾਉਣ ਵਾਲੇ ਅਤੇ ਭਾਰਤ ਸਰਕਾਰ ਮੂਹਰੇ ਗੋਡੇ ਨਾ ਟੇਕਣ ਵਾਲੇ ਕੌਮੀ ਪ੍ਰਵਾਨੇ ਦੀ ਦ੍ਰਿੜ੍ਹਤਾ ਨੂੰ ਸਿੱਜਦਾ ਕਰੀਏ ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)





# ਮਹਾਨ ਗੁਰਮਤਿ ਸਮਾਗਮ

ਜਨਮ ਦਿਹਾੜਾ ਬੇਬੇ ਨਾਨਕੀ ਜੀ ਗੁ: ਸੁਲਤਾਨਪੁਰ ਲੋਧੀ (ਕਪੂਰਥਲਾ)



☛ ਜੋਤੀ ਜੋਤ: ਬਾਬਾ ਗੁਰਦਿੱਤਾ ਸਾਹਿਬ ਜੀ। ☛ ਜੋਤੀ ਜੋਤ : ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ। ☛ ਜੋਤੀ ਜੋਤ : ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

☛ 5 ਅਪ੍ਰੈਲ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।

☛ 6 ਅਪ੍ਰੈਲ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ। ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਸੁਰਜੀਤ ਸਿੰਘ ਖੰਡੇਵਾਲੇ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778



ੴ ਸਤਿਗੁਰ ਪ੍ਰਸਾਦਿ॥
ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ
ਪ੍ਰਗਟਿਓ ਖਾਲਸਾ ਅਤੇ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ
ਕਥਾ ਕੀਰਤਨ ਦਰਬਾਰ
ਮਿਤੀ 4, 5, 6, 7, 8 ਅਪ੍ਰੈਲ 2025 ਸਮਾਂ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ
ਪਿੰਡ ਮੜੌਲੀ ਕਲਾਂ (ਸ਼ਹਿਰ ਮੋਰਿੰਡਾ)
ਬੇਨਤੀ ਕਰਤਾ: ਦਾਸ ਸੁਰਿੰਦਰਪਾਲ ਸਿੰਘ ਸੋਢੀ (ਮੋਰਿੰਡੇ ਵਾਲੇ) ਅਤੇ ਸਮੂਹ ਨਗਰ ਨਿਵਾਸੀ ਸਾਧ ਸੰਗਤ ਪਿੰਡ ਮੜੌਲੀ ਕਲਾਂ 84373-90114




ਸਰਬ ਰੋਗ ਕਾ ਅਉਖਦ ਨਾਮੁ॥
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ॥
ਆਓ ਅੰਮ੍ਰਿਤ ਛਕੀਏ, ਸਿੰਘ ਸਜੀਏ
ਆਓ ਅੰਮ੍ਰਿਤ ਛਕੀਏ, ਸਿੰਘ ਸਜੀਏ
ਮਹਾਨ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ
ਕਥਾ ਕੀਰਤਨ ਦਰਬਾਰ 4 ਅਤੇ 5 ਅਪ੍ਰੈਲ, ਰਾਤ 6 ਤੋਂ 9 ਵਜੇ ਤੱਕ ਹੋਵੇਗਾ
ਅੰਮ੍ਰਿਤ ਸੰਚਾਰ ਮਿਤੀ 6 ਅਪ੍ਰੈਲ 2025 ਦਿਨ ਐਤਵਾਰ
ਸਵੇਰੇ 10.00 ਵਜੇ
ਸਥਾਨ: ਗੁਰਦੁਆਰਾ ਸਾਹਿਬ,
ਪਿੰਡ ਰਾਜੀਆ (ਬਰਨਾਲਾ)
ਅੰਮ੍ਰਿਤ ਅਭਿਲਾਖੀ ਸੰਗਤਾਂ ਸਮੇਂ ਸਿਰ ਪਹੁੰਚ ਕੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਨ ਜੀ।
ਅੰਮ੍ਰਿਤਪਾਨ ਕਰਨ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ (ਫਰੀ) ਦਿੱਤੇ ਜਾਣਗੇ।
ਭਾਈ ਅਮਨਦੀਪ ਸਿੰਘ ਬਡਬਰ
97000-41005
ਪ੍ਰਧਾਨ ਪਰਮਜੀਤ ਸਿੰਘ
93113-00013
ਗੁਰੂ ਕਾ ਲੰਗਰ ਅਤੁੱਟ ਵਰਤੇਗਾ
WATCH ON facebook/youtube
Khals MEDIA
ਖਾਲਸ ਮੀਡੀਆ
ਵੱਲੋਂ: ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਸਮੂਹ ਨਗਰ ਨਿਵਾਸੀ ਅਤੇ
ਇਲਾਕਾ ਨਿਵਾਸੀ ਸਿੱਖ ਸੰਗਤਾਂ ਪਿੰਡ ਰਾਜੀਆ (ਬਰਨਾਲਾ)
ਵਿਸ਼ੇਸ਼ ਸਹਿਯੋਗ: ਸਿੱਖ ਵਿਰਸਾ ਦਲ, ਪੰਜਾਬ
ਸੰਪਰਕ ਨੰਬਰ: 98141-09794, 95699-91433
ਪਹੁੰਚ ਰਹੇ: ਬਾਬਾ ਹਰਜਿੰਦਰ ਸਿੰਘ ਜੀ
ਖਾਲਸਾ ਫਾਰਮ ਭੀਖੀ ਵਾਲੇ

# ਅਪੀਲ

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ-ਖੇਤਰ, ਜ਼ਿੰਮੇਵਾਰੀਆਂ ਤੇ ਸੇਵਾ-ਮੁਕਤੀ ਸੰਬੰਧੀ ਨਿਯਮਾਵਲੀ ਬਣਾਉਣ ਲਈ ਸਿੱਖ ਪੰਥ ਦੀਆਂ ਸਮੂਹ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਆਲਮੀ ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਭਾ ਸੁਸਾਇਟੀਆਂ ਅਤੇ ਦੇਸ਼-ਵਿਦੇਸ਼ ਵਿਚ ਵੱਸਦੇ ਸਿੱਖ ਵਿਦਵਾਨਾਂ ਅਤੇ ਬੁੱਧੀਜੀਵੀਆਂ ਨੂੰ ਆਪਣੇ ਸੁਝਾਅ ਭੇਜਣ ਦੀ ਅਪੀਲ ਕੀਤੀ ਜਾਂਦੀ ਹੈ।**



ਇਹ ਸੁਝਾਅ
ਮਿਤੀ 20 ਅਪ੍ਰੈਲ 2025 ਤੱਕ
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਨੂੰ ਦਸਤੀ ਰੂਪ ਵਿੱਚ ਜਾਂ
ਅਧਿਕਾਰਤ ਈਮੇਲ
info@sgpc.net ਅਤੇ
ਵੱਟਸਐਪ ਨੰਬਰ 77101-36200
'ਤੇ ਭੇਜੇ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

**ਵੱਲੋਂ: ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ**
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਲੋਕ ਨਿਰਮਾਣ ਮੰਤਰੀ ਨੇ ਵਿਧਾਨਸਭਾ ਹਲਕਾ ਜੰਡਿਆਲਾ ਵਿਖੇ

# ਕਰੀਬ 9.5 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦੀ ਕੀਤੀ ਸ਼ੁਰੂਆਤ

ਜੰਡਿਆਲਾ ਗੁਰੂ 5 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ) ਤਿੰਨ ਸਾਲਾਂ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਮੁੜ ਲੀਹਾਂ ਤੇ ਲਿਆਂਦਾ ਹੈ ਅਤੇ ਆਉਦੇ ਦੋ ਸਾਲਾਂ ਦੌਰਾਨ ਵੀ ਸੂਬੇ ਦੇ ਵਿਕਾਸ ਵਿਚ ਕੋਈ ਵੀ ਕਸਰ ਬਾਕੀ ਨਹੀ ਛੱਡੀ ਜਾਵੇਗੀ। ਇੰਨਾਂ ਸ਼ਬਦਾਂ ਦਾ ਪ੍ਰਗਟਾਵਾ ਲੋਕ ਨਿਰਮਾਨ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ ਨੇ ਹਲਕਾ ਜੰਡਿਆਲਾ ਵਿਖੇ ਕਰੀਬ 9.50 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਸ਼ੁਰੂ ਕਰਦੇ ਸਮੇ ਕੀਤਾ।





ਕੈਬਿਨਟ ਮੰਤਰੀ ਸ: ਹਰਭਜਨ ਸਿੰਘ ਨੇ ਕਿਹਾ ਕਿ ਜੰਡਿਆਲਾ ਹਲਕੇ ਨੂੰ ਸ਼ਹਿਰ ਵਰਗੀਆਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ ਅਤੇ ਕੋਈ ਵੀ ਪਿੰਡ ਵਿਕਾਸ ਪੱਖੋ ਸੱਖਣਾ ਨਹੀ ਰਹਿਣ ਦਿੱਤਾ ਜਾਵੇਗਾ। ਉਨਾਂ ਕਿਹਾ ਕਿ ਸੂਬੇ ਵਿਚ ਸੜਕਾਂ ਦਾ ਜਾਲ ਵਿਛਾਇਆ ਜਾ ਰਿਹਾ ਹੈ ਤਾਂ ਜੋ ਸੂਬੇ ਦੀ ਤਰੱਕੀ ਦੀ ਰਫਤਾਰ ਨੂੰ ਵਧਾਇਆ ਜਾ ਸਕੇ।

ਉਨਾਂ ਦੱਸਿਆ ਕਿ 81.35 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਨਰਾਇਣਗੜਦੀ ਕੁਲ 2.24 ਕਿਲੋਮੀਟਰ ਸੜਕ, 271.12 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਵਡਾਲਾ ਜੋਹਲ ਕੁਲ 8.84 ਕਿਲੋਮੀਟਰ ਸੜਕ, 153.01 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਦੇਵੀਦਾਸਪੁਰਾ ਕੁਲ 4.63 ਕਿਲੋਮੀਟਰ ਸੜਕ,, 246.33 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਤਰਸਿੱਕਾ ਕੁਲ 7.36 ਕਿਲੋਮੀਟਰ ਸੜਕ,106.14 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਤਰਸਿੱਕਾ ਗ੍ਰਾਮ ਪੰਚਾਇਤ ਕਰਤਾਰ ਸਿੰਘ ਨਗਰ ਕੁਲ 3.45 ਕਿਲੋਮੀਟਰ ਸੜਕ ਅਤੇ 73.51 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਰਾਣਾ ਕਲਾਂ ਕੁਲ 1.670 ਕਿਲੋਮੀਟਰ ਜਿਲ੍ਹਾ ਅੰਮ੍ਰਿਤਸਰ ਵਿਖੇ ਸੜਕਾਂ ਦੀ ਨਵੀ ਉਸਾਰੀ ਕੀਤੀ ਜਾਵੇਗੀ। ਜ਼ਿੰਨਾਂ ਵਿਚ ਮੁੱਖ ਤੋਰ ਤੇ ਪਿੰਡ ਰਾਣਾ ਕਲਾਂ ਤੋ ਬੋਹੜੀ ਵਾਲਾ ਫਾਟਕ, ਗਹਿਰੀ ਵਡਾਲਾ ਜੋਹਲ, ਰਸੂਲਪੁਰ ਵਡਾਲਾ ਜੋਹਲ ਤੋ ਖੁਜਾਲਾ , ਵਡਾਲਾ ਜੋਹਲ ਗਹਿਰੀ ਰੋਡ ਤੋ ਵਡਾਲ ਬੰਮਾ, ਵਡਾਲਾ ਗਹਿਰੀ ਤੋ ਗੁਰਦੁਆਰਾ ਬਾਬਾ ਵਡਾਲਾ ਸਿੰਘ, ਇਸੇ ਤਰਾਂ ਦੇਵੀਦਾਸਪੁਰਾ ਤੋ ਗਹਿਰੀਮੰਡੀ ਅਤੇ ਪਿੰਡ ਦੇਵੀਦਾਸਪੁਰਾ ਦੀ ਫਿਰਨੀ, ਤਰਸਿੱਕਾ ਬੁਲਾਰਾ ਤੋ ਤਾਹਿਰਪੁਰ , ਤਰਸਿੱਕਾ ਡੇਹਰੀਵਾਲ ਤੋ ਨਹਿਰ ਦੀ ਪੱਤੀ ਤੱਕ ,ਤਰਸਿੱਕਾ ਕਨਾਲ ਪੁਲ ਤੋ ਪਿੰਡ ਭੋਏ, ਪਿੰਡ ਤਰਸਿੱਕਾ ਦੀ ਫਿਰਨੀ ਤੋ ਇਲਾਵਾ ਪਿੰਡ ਰਾਣਾ ਕਲਾਂ ਜੱਬੋਵਾਲ ਸੜਕ ਤੋ ਡੇਰਾ ਮੱਸਾ ਸਿੰਘ ਰਾਣਾਕਲਾਂ, ਰਾਣਾ ਕਲਾਂ ਜੱਬੋਵਾਲ ਤੋ ਡੇਰਾ ਕੁਲਵੰਤ ਸਿੰਘ ਰਾਣਾ ਕਲਾਂ, ਜੱਬੋਵਾਲ ਤੋ ਡੇਰਾ ਗੱਜਣ ਸਿੰਘ, ਰਾਣਾ ਕਲਾ ਦੀ ਫਿਰਨੀ ਤੋ ਮਾਤਾ ਰਾਣੀ ਮੰਦਰ , ਡੇਰਾ ਰੋਡ ਤੋ ਸ਼ਮਸ਼ਾਨਘਾਟ ਰਾਣਾ ਕਲਾਂ, ਫਿਰਨੀ ਰਾਣਾ ਕਲਾਂ ਤੋ ਜਸਵੰਤ ਸਿੰਘ ਐਕਸ ਸਰਪੰਚ ਬਾਜ਼ਾਰ ਰਾਣਾ ਕਲਾਂ, ਰਾਣਾਂ ਕਲਾਂ ਰੋਡ ਤੋ ਰਣਜੀਤ ਸ਼ਿੰਘ ਸ਼ਾਹ ਹਾਊਸ, ਡੇਰਾ ਰੋਡ ਤੋ ਬਾਪੂ ਹਰਬੰਸ ਸਿੰਘ ਹਾਊਸ ਰਾਣਾ ਕਲਾਂ ਤੱਕ ਵੱਖ ਵੱਖ ਥਾਵਾਂ ਤੇ ਇੰਟਰਲਾਕਿੰਗ ਟਾਇਲਾਂ ਵੀ ਲਗਾਈਆਂ ਜਾਣਗੀਆਂ। ਕੈਬਿਨਟ ਮੰਤਰੀ ਨੇ ਦੱਸਿਆ ਕਿ ਇਹ ਸਾਰੇ ਵਿਕਾਸ ਆਉਦੇ 6 ਮਹੀਨਿਆਂ ਵਿਚ ਪੂਰੇ ਕੀਤੇ ਜਾਣਗੇ ਅਤੇ ਇੰਨਾਂ ਸੜਕਾ ਦੀ ਉਸਾਰੀ ਹੋਣ ਨਾਲ ਇਥੇ ਦੇ ਵਸਨੀਕਾਂ ਨੂੰ ਆਵਾਜਾਈ ਵਿਚ ਕਾਫੀ ਰਾਹਤ ਮਿਲੇਗੀ। ਉਨ੍ਹਾਂ ਦੱਸਿਆ ਕਿ ਇਸ ਕਾਰਜਾਂ ਨੂੰ ਸਮੇ ਸਿਬ ਮੁਕੰਮਲ ਕਰਨ ਲਈ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ। ਇਸ ਮੌਕੇ ਸ: ਜਰਨੈਲ ਸਿੰਘ, ਸ: ਸਤਿੰਦਰ ਸਿੰਘ, ਸ: ਸਰਬਜੀਤ ਸਿੰਘ ਡਿੰਪੀ, ਸ਼੍ਰੀ ਨਰੇਸ਼ ਪਾਠਕ, ਰੂਬੀ ਥਿੰਦ, ਸ਼੍ਰੀਮਤੀ ਸੁਣੈਨਾ ਰੰਧਾਵਾ,ਸ: ਹਰਪਾਲ ਸਿੰਘ ਚੋਹਾਨ ਤੋ ਇਲਾਵਾ ਵੱਡੀ ਗਿਣਤੀ ਵਿਚ ਆਮ ਆਦਮੀ ਪਾਰਟੀ ਦੇ ਵਰਕਰ ਤੇ ਲੋਕ ਹਾ.ਜਰ ਸਨ।

**ਵੱਖ-ਵੱਖ ਪਿੰਡਾਂ ਦੀਆਂ ਸੜਕਾਂ ਦੀ ਕੀਤੀ ਜਾਵੇਗੀ ਨਵੀ ਉਸਾਰੀ- ਹਰਭਜਨ ਸਿੰਘ ਈ.ਟੀ.ਓ**

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰੂ ਨਾਨਕ ਦੇਵ ਸੀਨੀਅਰ ਸੈਕੰਡਰੀ ਸਕੂਲ ਚੰਨਣਕੇ ਨੇ

# ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚੋਂ 25 ਮੈਰਿਟ ਪੁਜੀਸ਼ਨਾਂ ਲੈ ਕੇ ਰਚਿਆ ਇਤਿਹਾਸ



**ਚੌਕ ਮਹਿਤਾ, 5 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜਿਲਾ ਅੰਮ੍ਰਿਤਸਰ ਅਧੀਨ ਹਲਕਾ ਮਜੀਠਾ ਦੇ ਪਿੰਡ ਨਾਥ ਦੀ ਖੂਹੀ ( ਚੰਨਣਕੇ ) ਵਿੱਚ ਨਾਮੀ ਵਿਦਿਅਕ ਸੰਸਥਾ ਗੁਰੂ ਨਾਨਕ ਦੇਵ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵੱਲੋਂ ਇਤਿਹਾਸ ਰਚਦੇ ਹੋਏ ਅੱਠਵੀਂ ਜਮਾਤ ਦੇ ਆਏ ਨਤੀਜਿਆਂ ਵਿੱਚ 25 ਵਿਦਿਆਰਥਣਾਂ ਵੱਲੋਂ ਮੈਰਿਡ ਲਿਸਟ ਵਿੱਚ ਆਪਣਾ ਨਾਮ ਦਰਜ ਕੀਤਾ ਹੈ ਅਤੇ ਇਸ ਦੇ ਨਾਲ ਨਾਲ ਇਹਨਾਂ 25 ਬੱਚਿਆਂ ਵਿੱਚੋਂ ਚਾਰ ਬੱਚਿਆਂ ਨੇ ਪੰਜਾਬ ਵਿੱਚੋਂ ਦੂਸਰਾ ਸਥਾਨ ਹਾਸਲ ਕੀਤਾ ਅਤੇ ਤਿੰਨ ਬੱਚਿਆਂ ਵੱਲੋਂ ਤੀਸਰਾ ਸਥਾਨ ਪ੍ਰਾਪਤ ਕਰਕੇ ਇੱਕ ਨਵਾਂ ਕੀਰਤੀਮਾਨ ਸਥਾਪਿਤ ਕੀਤਾ ਹੈ। ਜਿਵੇਂ ਹੀ ਅੱਜ ਅਠਵੀਂ ਜਮਾਤ ਦੇ ਨਤੀਜਿਆਂ ਦਾ ਐਲਾਨ ਹੋਇਆ ਤਾਂ ਗੁਰੂ ਨਾਨਕ ਦੇਵ ਪਬਲਿਕ ਸਕੂਲ ਦੇ ਸਮੂਹ ਸਟਾਫ ਅਤੇ ਬੱਚਿਆਂ ਵਿੱਚ ਇਸ ਰਿਕਾਰਡ ਤੋੜ ਸਫਲਤਾ ਨੂੰ ਲੈ ਕੇ ਖੁਸ਼ੀ ਦੀ ਲਹਿਰ ਦੌੜ ਗਈ ਸਕੂਲ ਦੇ ਡਾਇਰੈਕਟਰ ਸਰਦਾਰ ਕੁਲਜੀਤ ਸਿੰਘ ਬਾਠ ਵੱਲੋਂ ਅੱਜ ਇਹਨਾਂ ਬੱਚਿਆਂ ਨੂੰ ਸਨਮਾਨਿਤ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਇਸ ਸਫਲਤਾ ਦਾ ਸਿਹਰਾ ਬੱਚਿਆਂ ਅਤੇ ਸਮੂਹ ਸਟਾਫ ਦੀ ਸਖਤ ਮਿਹਨਤ ਸਿਰ ਜਾਂਦਾ ਹੈ, ਮੈਰਿਟ ਪੁਜੀਸ਼ਨਾਂ ਲੈਣ ਵਾਲੇ ਇਹਨਾਂ ਵਿਦਿਆਰਥਣਾਂ ਵਿੱਚ ਲਵਜੋਤ ਕੌਰ ਪੁੱਤਰੀ ਗੁਰਮੇਤ ਸਿੰਘ, ਹਰਨੂਰ ਕੌਰ ਪੁੱਤਰੀ ਦਿਲਬਾਗ ਸਿੰਘ, ਸਰੋਜਦੀਪ ਕੌਰ ਪੁੱਤਰੀ ਤਰਸੇਮ ਸਿੰਘ, ਗੁਰਲੀਨ ਕੌਰ ਪੁੱਤਰੀ ਸੁਰਿੰਦਰ ਸਿੰਘ, ਜਸ਼ਨਦੀਪ ਕੌਰ ਪੁੱਤਰੀ ਸਰਬਜੀਤ ਸਿੰਘ, ਜੈਸਮੀਨ ਕੌਰ ਸੰਧੂ ਪੁੱਤਰੀ ਕੁਲਦੀਪ ਸਿੰਘ, ਵਰੁਣਦੀਪ ਕੌਰ ਪੁੱਤਰੀ ਨਿਰਮਲ ਸਿੰਘ, ਪਰਮਿੰਦਰ ਕੌਰ ਪੁੱਤਰੀ ਇੰਦਰ ਸਿੰਘ, ਵਿਸ਼ਵਪ੍ਰੀਤ ਕੌਰ ਪੁੱਤਰੀ ਕਿਰਪਾਲ ਸਿੰਘ, ਸੁਖਮਨਪ੍ਰੀਤ ਕੌਰ ਪੁੱਤਰੀ ਬਿਕਰਮਜੀਤ ਸਿੰਘ, ਬਲਜੀਤ ਕੌਰ ਪੁੱਤਰੀ ਸ਼ਮਸ਼ੇਰ ਸਿੰਘ, ਧਨਵੀਰ ਕੌਰ ਪੁੱਤਰੀ ਜਗਜੀਤ ਸਿੰਘ, ਸੁਖਪ੍ਰੀਤ ਕੌਰ ਪੁੱਤਰੀ ਕੁਲਵਿੰਦਰ ਸਿੰਘ, ਸੁਪ੍ਰੀਤ ਕੌਰ ਪੁੱਤਰੀ ਵਰਿੰਦਰ ਸਿੰਘ, ਰਵਨੀਤ ਕੌਰ ਪੁੱਤਰੀ ਸੁਖਬੀਰ ਸਿੰਘ, ਮਨਜੀਤ ਕੌਰ ਪੁੱਤਰੀ ਪਰਮਜੀਤ ਸਿੰਘ, ਸੁਮਨਪ੍ਰੀਤ ਕੌਰ ਪੁੱਤਰੀ ਜਸਪਾਲ ਸਿੰਘ, ਹਰਲੀਨ ਕੌਰ ਪੁੱਤਰੀ ਮੰਗਲ ਸਿੰਘ, ਸਿਮਰਜੀਤ ਕੌਰ ਪੁੱਤਰੀ ਗੁਰਮੇਤ ਸਿੰਘ, ਸਿਮਰਜੀਤ ਕੌਰ ਪੁੱਤਰੀ ਪ੍ਰਦੀਪ ਸਿੰਘ, ਨਵਰੋਜ ਪ੍ਰੀਤ ਕੌਰ ਪੁੱਤਰੀ ਗਗਨਦੀਪ ਸਿੰਘ, ਸੁਪ੍ਰੀਤ ਕੌਰ ਪੁੱਤਰੀ ਜਗਜੀਤ ਸਿੰਘ, ਤਨਵੀਰ ਕੌਰ ਪੁੱਤਰੀ ਮਨਮੀਤ ਸਿੰਘ, ਸ਼ਰਨਪ੍ਰੀਤ ਕੌਰ ਪੁੱਤਰੀ ਬੂਟਾ ਸਿੰਘ, ਜਸਮੀਨ ਕੌਰ ਪੁੱਤਰੀ ਦਵਿੰਦਰ ਸਿੰਘ ਆਦਿ ਬੱਚੀਆਂ ਸ਼ਾਮਿਲ ਸਨ।

**ਮੈਰਿਟ ਲੈਣ ਵਾਲੇ ਵਿਦਿਆਰਥੀਆਂ ਵਿੱਚ 25 ਦੀਆਂ 25 ਲੜਕੀਆਂ ਸ਼ਾਮਿਲ**

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਸਰਕਾਰ ਸਿੱਖਿਆ ਨੂੰ ਬੁਲੰਦੀਆਂ 'ਤੇ ਲਿਜਾਣ ਲਈ ਕਰ ਰਹੀ ਹੈ ਵਿਸ਼ੇਸ਼ ਉਪਰਾਲੇ : ਚੇਅਰਮੈਨ ਘੁੱਲੀ



**ਧੂਰੀ, ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਸਰਕਾਰੀ ਸਕੂਲਾਂ ਅੰਦਰ ਸਿੱਖਿਆ ਦੇ ਮਿਆਰ ਨੂੰ ਹੋਰ ਉੱਚ ਪੱਧਰ ਤੇ ਲਿਜਾਣ ਲਈ ਪੰਜਾਬ ਸਰਕਾਰ ਵੱਲੋਂ ਕਰੋੜਾਂ ਰੁਪਏ ਖਰਚ ਕੀਤੇ ਜਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਰਨਲ ਸਕੱਤਰ, ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਨੂੰ ਹਰ ਪੱਖੋਂ ਲਾਹੇਵੰਦ ਬਣਾਉਣ ਲਈ ਯਤਨਸ਼ੀਲ ਮੌਕੇ ਤਲਬੀ ਹੇਠ ਇਸ ਮੌਕ ਸੂਬਾ ਸਰਕਾਰ ਵੱਲੋਂ ਮੌਜੂਦਾ ਪਾਸ ਕੀਤੇ ਗਏ ਬਜਟ ਵਿੱਚ ਸਿੱਖਿਆ ਨੂੰ ਹੋਰ ਜਿਆਦਾ ਬਿਹਤਰ ਬਣਾਉਣ ਲਈ ਕਰੋੜਾਂ ਰੁਪਏ ਖਰਚ ਕਰਨ ਦੀ ਤਜਵੀਜ ਰੱਖੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿਹਤ ਅਤੇ ਸਿੱਖਿਆ ਦੇ ਖੇਤਰ ਨੂੰ ਲੈ ਕੇ ਪਹਿਲੇ ਤੋਂ ਹੀ ਵਿਦੇਸ਼ ਤੋਰ ਤੇ ਉਪਰਾਲੇ ਕਰ ਰਹੀ ਹੈ। ਇਸੇ ਲੜੀ ਤਹਿਤ ਪੰਜਾਬ ਸਰਕਾਰ ਵੱਲੋਂ ਮੁਕੱਰੀਆਂ ਹਲਕੇ ਦੇ ਸਕੂਲਾਂ ਦੀ ਬਿਹਤਰੀ ਲਈ 60 ਲੱਖ ਰੁਪਏ ਦੇ ਕਰੀਬ ਫੰਡ ਜਾਰੀ ਕੀਤੇ ਗਏ ਹਨ। ਜੋ ਕਿ ਇਹਨਾਂ ਸਕੂਲਾਂ ਨੂੰ ਪੈਸੇ ਪਹੁੰਚ ਗਏ ਹਨ। ਇਹਨਾਂ ਪੈਸਿਆਂ ਨਾਲ ਸਕੂਲਾਂ ਦੀ ਰਿਪੇਅਰ, ਸਕੂਲਾਂ ਦੀ ਚਾਰ ਦੀਵਾਰੀ ਅਤੇ ਹੋਰ ਰਹਿੰਦੇ ਕੰਮ ਕੀਤੇ ਜਾਣਗੇ ਤਾਂ ਕਿ ਇਹਨਾਂ ਸਕੂਲਾਂ ਨੂੰ ਆ ਰਹੀ ਆ ਦਿੱਕਤਾਂ ਦੂਰ ਹੋ ਸਕਣ । ਇਸ ਮੌਕੇ ਆਪ ਆਗੂ ਪਰਮਜੀਤ ਸਿੰਘ ਕਾਂਝਲਾ, ਨੰਬਰਦਾਰ ਰਜਿੰਦਰ ਸਿੰਘ ਪੇਧਨੀ, ਸਰਪੰਚ ਬਿੱਲਾ ਸਾਹੀਵਾਲ, ਗੋਲਡੀ ਗੋਬਿੰਦਗੜ੍ਹ, ਉਧਮ ਸਿੰਘ ਨਾਰਨੌਲ, ਸੂਬੇਦਾਰ ਸੀਤਾ ਰਾਮ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਮਾਰਗ ਤੇ ਖੂਬਸੂਰਤ ਐਂਟਰੀ ਗੇਟ ਥੱਲੇ ਸ਼ਰਾਬ ਦਾ ਠੇਕਾ ਅਤੇ ਅਹਾਤਾ ਨੂੰ ਹਟਾਉਣ ਦੀ ਕਾਰਵਾਈ ਦਾ ਕੈਬਨਿਟ ਮੰਤਰੀ ਸ੍ਰ ਈ ਟੀ ਓ ਦਾ ਧੰਨਵਾਦ ਭਾਈ ਸਾਹਿਬ ਸਿੰਘ ਸੰਧੂ

## ਹਲਕੇ ਦੀਆਂ ਸੰਗਤਾਂ ਦੇ ਨਾਲ ਨਾਲ ਪੰਜਾਬ ਭਰ ਦੀਆਂ ਸੰਗਤਾਂ ਦੀ ਮੰਗ ਹੋਈ ਪੂਰੀ ਸ੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ



**ਜੰਡਿਆਲਾ ਗੁਰੂ, 5 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਹਲਕਾ ਜੰਡਿਆਲਾ ਦੇ ਪੜ੍ਹੇ ਲਿਖੇ ਤੇ ਸੂਝਵਾਨ ਕੈਬਨਿਟ ਮੰਤਰੀ ਸ੍ਰ : ਹਰਭਜਨ ਸਿੰਘ ਈਟੀਓ ਵੱਲੋਂ ਹਲਕੇ ਦੇ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ ਅਤੇ ਛੋਟੀ ਜਿਹੀ ਬੇਨਤੀ ਕਰਨ ਤੇ ਹੀ ਸਭ ਤੋਂ ਪਹਿਲਾਂ ਲਿੰਕ ਸੜਕਾਂ ਨੂੰ ਚੌੜਾ ਕੀਤਾ ਜਾ ਰਿਹਾ ਜਿਸ ਨਾਲ ਉਸ ਲਿੰਕ ਸੜਕ ਤੋਂ ਲੰਘਣ ਵਾਲੇ ਹਰੇਕ ਰਾਹਗੀਰ ਵੱਲੋਂ ਬੇਹਤਰੀਨ ਸਫ਼ਰ ਤੈਅ ਕੀਤਾ ਜਾਂਦਾ ਹੈ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਸ੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ ਰਜਿ: ਵਡਾਲੀ ਡੋਗਰਾਂ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ ਨੇ ਅੱਗੇ ਕਿਹਾ ਕਿ ਕੈਬਨਿਟ ਮੰਤਰੀ ਸ੍ਰ: ਹਰਭਜਨ ਸਿੰਘ ਈ ਟੀ ਓ ਵੱਲੋਂ ਜੰਡਿਆਲਾ ਗੁਰੂ ਸ਼ਹਿਰ ਦੇ ਅੰਦਰ ਐਂਟਰੀ ਯਾਦਗਾਰੀ ਗੇਟ ਅਤੇ ਮੇਨ ਜਲੰਧਰ ਜੀ ਟੀ ਰੋਡ ਤੋਂ ਬਾਈਪਾਸ ਤਰਨ ਤਾਰਨ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੀ ਨਗਰੀ ਨੂੰ ਜਾਣ ਵਾਲੀ ਐਂਟਰੀ ਸੜਕ ਉਪਰ ਖੂਬਸੂਰਤ ਵਿਰਾਸਤੀ ਗੇਟ ਬਣਾਏ ਗਏ ਹਨ ਅਤੇ ਇਸ ਸੜਕ ਨੂੰ ਸ੍ਰੀ ਗੁਰੂ ਅਰਜਨ ਦੇਵ ਮਾਰਗ ਨਾਲ ਸੰਬੋਧਨ ਕੀਤਾ ਜਾਂਦਾ ਹੈ ਅਤੇ ਇਨ੍ਹਾਂ ਗੇਟਾਂ ਦੇ ਥੱਲੇ ਸ਼ਰਾਬ ਦਾ ਠੇਕਾ ਅਤੇ ਅਹਾਤਾ ਹੋਣ ਕਾਰਨ ਪਵਿੱਤਰਤਾ ਨੂੰ ਢਾਹ ਲਗਦੀ ਸੀ ਅਤੇ ਜਿਸ ਸਬੰਧੀ ਹਲਕੇ ਦੀਆਂ ਸੰਗਤਾਂ ਵੱਲੋਂ ਅਤੇ ਸ੍ਰੀ ਗੁਰੂ ਰਾਮਦਾਸ ਸਾਹਿਬ ਸੇਵਾ ਸੁਸਾਇਟੀ ਵਡਾਲੀ ਡੋਗਰਾਂ ਵੱਲੋਂ ਵੀ ਸ੍ਰ ਹਰਭਜਨ ਸਿੰਘ ਈ ਟੀ ਓ ਜੀ ਨੂੰ ਬੇਨਤੀ ਕੀਤੀ ਗਈ ਸੀ ਅਤੇ ਸਾਨੂੰ ਮੰਤਰੀ ਸਾਹਬ ਵੱਲੋਂ ਭਰੋਸਾ ਦਿੱਤਾ ਗਿਆ ਸੀ ਕਿ ਜਲਦੀ ਹੀ ਇਸ ਦਾ ਹੱਲ ਕੀਤਾ ਜਾਵੇਗਾ ਜਿਸ ਬੇਨਤੀ ਨੂੰ ਪ੍ਰਵਾਨ ਕਰਦਿਆਂ ਹੋਇਆਂ ਬੀਤੇ ਦਿਨ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਜੀ ਵੱਲੋਂ ਸ਼ਰਾਬ ਦਾ ਠੇਕਾ ਅਤੇ ਅਹਾਤਾ ਗੇਟਾਂ ਥੱਲਿਓਂ ਹਟਾ ਕੇ ਜਿੱਥੇ ਹਲਕੇ ਦੇ ਲੋਕਾਂ ਦੀ ਬੇਨਤੀ ਨੂੰ ਪ੍ਰਵਾਨ ਕੀਤਾ ਹੈ ਉੱਥੇ ਨਾਲ ਨਾਲ ਪੂਰੇ ਪੰਜਾਬ ਭਰ ਦੀਆਂ ਸੰਗਤਾਂ ਦੀ ਆਸਥਾ ਦੀ ਵੀ ਕਦਰ ਕੀਤੀ ਗਈ ਹੈ ਜਿਸ ਨੂੰ ਲੈ ਕਿ ਹਰ ਕੋਈ ਸ੍ਰ ਈ ਟੀ ਓ ਦੀ ਇਸ ਕਾਰਵਾਈ ਦੀ ਸ਼ਲਾਘਾ ਕਰ ਰਿਹਾ ਹੈ ਅਤੇ ਇਸ ਕਾਰਵਾਈ ਤੇ ਸ਼੍ਰੀ ਗੁਰੂ ਰਾਮਦਾਸ ਸਾਹਿਬ ਸੇਵਾ ਸੁਸਾਇਟੀ ਵਡਾਲੀ ਡੋਗਰਾਂ ਦੇ ਸਮੂਹ ਸੇਵਾਦਾਰ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਜੀ ਦਾ ਧੰਨਵਾਦ ਕਰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਕ.ਫ ਬੋਰਡ ਸੋਧ ਬਿੱਲ ਮੁਸਲਿਮ ਭਾਈਚਾਰੇ ਦੇ ਗਰੀਬ ਲੋਕਾਂ ਲਈ ਲਾਹੇਵੰਦ ਹੋਵੇਗਾ: ਨੀਲੂ ਮਿੱਤਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਵਕ.ਫ਼ ਬੋਰਡ ਸੋਧ ਬਿੱਲ ਮੁਸਲਿਮ ਭਾਈਚਾਰੇ ਦੇ ਗਰੀਬਾਂ ਅਤੇ ਔਰਤਾਂ ਨੂੰ ਉਨ੍ਹਾਂ ਦੇ ਹੱਕ ਅਤੇ ਅਧਿਕਾਰ ਪ੍ਰਦਾਨ ਕਰਨ ਵਾਲਾ ਬਿੱਲ ਹੈ। ਇਹ ਕਾਨੂੰਨ ਦਾ ਮੁਸਲਮਾਨਾਂ ਦੇ ਧਾਰਮਿਕ ਮਾਮਲਿਆਂ ਵਿੱਚ ਦਖਲ ਦੇਣ ਦਾ ਇਰਾਦਾ ਨਹੀਂ ਰੱਖਦਾ ਵਕਫ ਬੋਰਡ ਨੂੰ ਭੂ ਮਾਫ਼ੀਆ ਅਤੇ ਲੁਟੇਰਿਆਂ ਦੇ ਚੁੰਗਲ ਤੋਂ ਮੁਕਤ ਕਰਵਾ ਕੇ ਗ.ਰੀਬ ਮੁਸਲਮਾਨਾਂ ਦੇ ਹਿੱਤ ਵਿੱਚ ਇਸਤਮਾਲ ਕਰਨਾ ਜਰਰੀ ਹੈ,ਪਰ ਕੁਝ ਲੋਕ ਇਸ ਨੂੰ ਗਰੀਬ ਮੁਸਲਮਾਨਾਂ ਦੇ ਹਿੱਤ ਵਿੱਚ ਇਸਤਮਾਲ ਕਰਨ ਦੀ ਬਜਾਏ ਭੂ-ਮਾਫ਼ੀਆ ਲਈ ਕੰਮ ਕਰ ਰਹੇ ਹਨ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਸੰਗਰੂਰ ਦੇ ਜਿਲ੍ਹਾ ਮੀਤ ਪ੍ਰਧਾਨ ਕ੍ਰਿਸਨ ਗੋਪਾਲ ਨੀਲੂ ਮਿੱਤਲ ਨੇ ਕੀਤਾ। ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਮੋਦੀ ਜੋ ਕਹਿੰਦੇ ਹਨ,ਉਹੀ ਕਰਦੇ ਹਨ ਉਹ ਆਪਣੇ ਵੱਲੋਂ ਦਿੱਤਾ ਸਬਕਾ ਸਾਥ ਸਬਕਾ ਵਿਕਾਸ ਸਬਕਾ ਵਿਸ਼ਵਾਸ ਅਤੇ ਯਾਸ ਪ੍ਰਯਾਸ ਦੇ ਨਾਅਰੇ ਤਹਿਤ ਕੰਮ ਕਰ ਰਹੇ ਹਨ। ਉਨ੍ਹਾਂ ਇਸ ਬਿੱਲ ਲਈ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮੁਸਲਿਮ ਭਾਈਚਾਰੇ ਲਈ ਨਿਆਂ ਅਤੇ ਪਾਰਦਰਸ਼ਤਾ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ

# ਪਿੰਡ ਨੰਗਲਾ 'ਚ ਕਰਵਾਏ ਖੇਡ ਸਮਾਗਮ 'ਚ ਕੀਤੀ ਸ਼ਮੂਲੀਅਤ



**ਤਲਵੰਡੀ ਸਾਬੋ, 05 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਉਪ ਮੰਡਲ ਤਲਵੰਡੀ ਸਾਬੋ ਦੇ ਪਿੰਡ ਨੰਗਲਾ ਵਿਖੇ ਟੂਰਨਾਮੈਂਟ ਕਮੇਟੀ ਵੱਲੋਂ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਪੰਜਵੇਂ ਕਬੱਡੀ ਕੱਪ ਦੇ ਦੂਜੇ ਦਿਨ ਅੱਜ ਕਾਂਗਰਸ ਦੇ ਸੀਨੀਅਰ ਆਗੂ ਅਤੇ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਸਿੱਧੂ ਦੇ ਟੂਰਨਾਮੈਂਟ ਚ ਪਹੁੰਚਣ ਮੌਕੇ ਟੂਰਨਾਮੈਂਟ ਕਮੇਟੀ ਦੇ ਨੁਮਾਇੰਦਿਆਂ ਤੋਂ ਇਲਾਵਾ ਗ੍ਰਾਮ ਪੰਚਾਇਤ ਵੱਲੋਂ ਸਰਪੰਚ ਸ਼ਿੰਗਾਰਾ ਸਿੰਘ ਅਤੇ ਹੋਰ ਮੋਹਤਬਰਾਂ ਨੇ ਜੀ ਆਇਆਂ ਆਖਿਆ।ਉਨਾਂ ਨੇ ਇਸ ਮੌਕੇ ਮੁਕਾਬਲਿਆਂ ਲਈ ਪੁੱਜੀਆਂ ਟੀਮਾਂ ਦੇ ਖਿਡਾਰੀਆਂ ਨਾਲ ਰੂ-ਬ-ਰੂ ਹੁੰਦਿਆਂ ਉਕਤ ਖੇਡ ਆਯੋਜਨ ਲਈ ਟੂਰਨਾਮੈਂਟ ਕਮੇਟੀ ਸਮੁੱਚੇ ਨਗਰ ਨਿਵਾਸੀਆਂ ਦੀ ਸ਼ਲਾਘਾ ਕੀਤੀ। ਆਪਣੇ ਸੰਬੋਧਨ ਵਿੱਚ ਸਾਬਕਾ ਵਿਧਾਇਕ ਸਿੱਧੂ ਨੇ ਕਿਹਾ ਕਿ ਅੱਜ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਿਆ ਜਾਵੇ ਤਾਂ ਕਿ ਜਿੱਥੇ ਉਨਾਂ ਦਾ ਸਰੀਰਕ ਵਿਕਾਸ ਹੋ ਸਕੇ ਉੱਥੇ ਉਹ ਮਾਨਸਿਕ ਤੌਰ ਤੇ ਵੀ ਮਜ਼ਬੂਤ ਬਨਣ ਉਨਾਂ ਨੇ ਇਸ ਮੌਕੇ ਕੇਂਦਰ ਅਤੇ ਸੂਬਾ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਇੱਕ ਠੋਸ ਨੀਤੀ ਅਮਲ ਵਿੱਚ ਲਿਆਂਦੀ ਜਾਵੇ ਤਾਂਕਿ ਸਬ ਡਵੀਜ਼ਨ ਪੱਧਰ 'ਤੇ ਨੌਜਵਾਨਾਂ ਅਤੇ ਬੱਚਿਆਂ ਨੂੰ ਸਿਖਲਾਈ ਲਈ ਖੇਡ ਅਕੈਡਮੀਆਂ ਬਣਾਈਆਂ ਜਾ ਸਕਣ। ਉਨਾਂ ਨੇ ਇਸ ਮੌਕੇ ਟੂਰਨਾਮੈਂਟ ਕਮੇਟੀ ਦੇ ਪ੍ਰਬੰਧਕਾਂ ਨੂੰ ਜਿੱਥੇ ਆਰਥਿਕ ਸਹਾਇਤਾ ਸੌਂਪੀ ਉਥੇ ਜੇਤੂ ਖਿਡਾਰੀਆਂ ਨੂੰ ਸਨਮਾਨਿਤ ਵੀ ਕੀਤਾ। ਸਾਬਕਾ ਵਿਧਾਇਕ ਸਿੱਧੂ ਨਾਲ ਇਸ ਮੌਕੇ ਸੀ. ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਭਾਗ ਸਿੰਘ ਕਾਕਾ, ਹਰਦੇਵ ਸਿੰਘ ਫੌਜੀ ਸਾਬਕਾ ਸਰਪੰਚ ਨੰਗਲਾ, ਭੀਮ ਸਿੰਘ ਨੰਗਲਾ, ਹਰਗੋਬਿੰਦ ਸਿੰਘ ਨੰਗਲਾ, ਭਿੰਦਰ ਸਿੰਘ ਨੰਗਲਾ, ਗੁਰਤੇਜ ਸਿੰਘ ਨੰਗਲਾ, ਡੂੰਗਰ ਸਿੰਘ ਸੀਂਗੋ, ਸੇਵਕ ਸਿੰਘ ਤੰਗਰਾਲੀ, ਕ੍ਰਿਸ਼ਨ ਯਾਦਵ, ਹਰਪਾਲ ਗਾਟਵਾਲੀ ਆਦਿ ਆਗੂ ਮੌਜੂਦ ਸਨ।

### ਦਸ਼ਮੇਸ਼ ਸਕੂਲ ਮਹਿਤਾ ਦੀਆਂ

# ਤਿੰਨ ਵਿਦਿਆਰਥਣਾਂ ਨੇ ਹਾਸਿਲ ਕੀਤੀ ਸਟੇਟ ਮੈਰਿਟ



**ਬਾਬਾ ਸੁਖਵੰਤ ਸਿੰਘ, ਚੌਕ ਮਹਿਤਾ, 5 ਅਪ੍ਰੈਲ**-ਬੀਤੇ ਦਿਨੀ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅੱਠਵੀਂ ਜਮਾਤ ਦਾ ਨਤੀਜਾ ਐਲਾਨਿਆ ਗਿਆ। ਜਿਸ ਵਿੱਚ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਂਕ ਦੀਆਂ ਤਿੰਨ ਵਿਦਿਆਰਥਣਾਂ ਵੱਲੋਂ ਸਟੇਟ ਮੈਰਿਟਾਂ ਹਾਸਿਲ ਕਰਕੇ ਜਿੱਥੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ,ਉੱਥੇ ਉਹਨਾਂ ਵਿਦਿਆਰਥਣਾਂ ਵੱਲੋਂ ਆਪਣੇ ਮਾਪਿਆਂ ਅਤੇ ਪਿੰਡ ਦਾ ਨਾਮ ਵੀ ਰੁਸ਼ਨਾਇਆ ਗਿਆ ਹੈ। ਸਕੂਲ ਦੀ ਵਿਦਿਆਰਥਣ ਗੁਰਸਿਮਰਨਪ੍ਰੀਤ ਕੌਰ ਨੇ 596/600 (99.33%) ਨੰਬਰ ਹਾਸਿਲ ਕਰਕੇ ਪੰਜਾਬ ਭਰ ਵਿੱਚੋਂ ਪੰਜਵਾਂ ਸਥਾਨ ਹਾਸਿਲ ਕੀਤਾ ਹੈ।ਇਸੇ ਤਰ੍ਹਾਂ ਹੀ ਗੁਰਵੀਨ ਕੌਰ ਨੇ 589/600(98.16%)ਹਾਸਿਲ ਕਰਕੇ ਪੰਜਾਬ ਭਰ ਵਿੱਚੋਂ 12ਵਾਂ ਅਤੇ ਸਮਰੀਤ ਕੌਰ ਕੌਰ ਨੇ 588/600(98%) ਅੰਕ ਪ੍ਰਾਪਤ ਕਰਕੇ ਪੰਜਾਬ ਭਰ ਵਿੱਚੋਂ 13ਵਾਂ ਸਥਾਨ ਪ੍ਰਾਪਤ ਕੀਤਾ ਹੈ। ਸਕੂਲ ਦਾ ਸ਼ਾਨਦਾਰ ਨਤੀਜਾ ਆਉਣ ਤੇ ਸਕੂਲ ਦੇ ਚੇਅਰਮੈਨ ਸ.ਗੁਰਦੀਪ ਸਿੰਘ ਰੰਧਾਵਾ ਨੇ ਸਮੁੱਚੇ ਸਟਾਫ ਨੂੰ ਵਧਾਈ ਦਿੰਦਿਆਂ ਹੋਇਆਂ ਆਖਿਆ ਇਹ ਸਭ ਕੁਝ ਪਰਮਾਤਮਾ ਦੇ ਓਟ ਆਸਰੇ,ਸਮੁੱਚੇ ਸਟਾਫ ਦੀ ਯੋਗ ਅਗਵਾਈ ,ਬੱਚਿਆਂ ਦੀ ਮਿਹਨਤ ਅਤੇ ਮਾਤਾ ਪਿਤਾ ਦੀ ਪ੍ਰੇਰਨਾ ਸਦਕਾ ਹੀ ਸੰਭਵ ਹੋ ਸਕਿਆ ਹੈ।।ਵਿਦਿਆਰਥਣਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਭਵਿੱਖ ਵਿੱਚ ਉਹ ਆਈ .ਪੀ.ਐਸ ਅਫਸਰ ਬਣ ਕੇ ਤਨਦੇਹੀ ਨਾਲ ਦੇਸ਼ ਦੀ ਸੇਵਾ ਕਰਨਾ ਚਾਹੁੰਦੀਆਂ ਹਨ ਅੱਠਵੀਂ ਜਮਾਤ ਦਾ ਸ਼ਾਨਦਾਰ ਨਤੀਜਾ ਆਉਣ ਤੇ ਸਮੁੱਚੇ ਸਟਾਫ ਅਤੇ ਵਿਦਿਆਰਥੀਆਂ ਵਿੱਚ ਅਤਿਅੰਤ ਖੁਸ਼ੀ ਦੀ ਲਹਿਰ ਪਾਈ ਗਈ।ਸੰਸਥਾ ਦੇ ਮੈਨੇਜਰ ਸ.ਹਰਸ਼ਦੀਪ ਸਿੰਘ ਰੰਧਾਵਾ ਵੱਲੋ ਵੀ ਬੱਚਿਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਬੱਚਿਆਂ ਨੂੰ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਦੇ ਰਹਿਣ ਦੀ ਪ੍ਰੇਰਨਾ ਦਿੱਤੀ ।ਉਹਨਾਂ ਨੇ ਗੱਲਬਾਤ ਕਰਦਿਆਂ ਇਹ ਵੀ ਕਿਹਾ ਕਿ ਸਕੂਲ ਦੇ ਸਾਰੇ ਵਿਦਿਆਰਥੀਆ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ ਹੈ ਅਤੇ ਸਕੂਲ ਦੇ ਅੱਠਵੀਂ ਕਲਾਸ ਦੇ ਸਾਰੇ ਵਿਦਿਆਰਥੀਆਂ ਦੁਆਰਾ ਪ੍ਰੀਖਿਆ ਫਸਟ ਪੁਜ਼ੀਸ਼ਨ ਹਾਸਿਲ ਕਰਕੇ ਪਾਸ ਕੀਤੀ ਗਈ ਹੈ।ਇਸ ਮੌਕੇ ਪ੍ਰਿੰਸੀਪਲ ਮੈ. ਗੁਰਬੀਰ ਕੌਰ,ਸ.ਮਨਪ੍ਰੀਤ ਸਿੰਘ ਟੱਕਰ(ਡਾਇਰੈਕਟਰ), ਸ.ਅੰਮ੍ਰਿਤਪਾਲ ਸਿੰਘ (ਕੋਆਰਡੀਨੇਟਰ) ,ਮੈ. ਰਵਿੰਦਰ ਕੌਰ,ਮੈ.ਬਲਜੀਤ ਕੌਰ ਅਤੇ ਮੈ.ਅਨੂਦੀਪ ਕੌਰ ਹਾਜ਼ਰ ਸਨ।

**ਗੁਰਸਿਮਰਨਪ੍ਰੀਤ ਕੌਰ ,ਗੁਰਵੀਨ ਕੌਰ ,ਸਮਰੀਤ ਕੌਰ ਨੇ ਹਾਸਿਲ ਕੀਤਾ ਪੰਜਾਬ 'ਚੋਂ ਪੰਜਵਾਂ , 12ਵਾਂ ਅਤੇ 13ਵਾਂ ਸਥਾਨ**

## ਗੁਰੂ ਰਵਿਦਾਸ ਮਹਾਰਾਜ ਜੀ ਨੂੰ ਸਮਰਪਿਤ ਜਲੰਧਰ ਤੋਂ ਗੱਡੀ ਰਾਹੀਂ ਰਵਾਨਾ ਹੋਈ ਦਮੜੀ ਸ਼ੋਭਾ ਯਾਤਰਾ ਦਾ ਫਿਲੌਰ ਰੇਲਵੇ ਸਟੇਸ਼ਨ ਤੇ ਸੰਤ ਸੁਖਵਿੰਦਰ ਸਿੰਘ ਵੱਲੋਂ ਭਰਵਾਂ ਸਵਾਗਤ : ਭਾਈ ਖਾਲਸਾ





**ਜੰਡਿਆਲਾ ਗੁਰੂ, 5 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਗੁਰੂ ਰਵਿਦਾਸ ਮਹਾਰਾਜ ਜੀ ਦੀ ਦਮੜੀ ਸ਼ੋਭਾ ਯਾਤਰਾ ਰੇਲ ਰਾਹੀਂ ਜਲੰਧਰ ਤੋਂ ਰਵਾਨਾ ਕੇ ਫਿਲੌਰ ਰੇਲਵੇ ਸਟੇਸ਼ਨ ਤੇ ਪੁੱਜੀ ਤੇ ਸਵਾਗਤ ਕੀਤਾ ਗਿਆ, ਇਸ ਮੌਕੇ ਤੇ ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਫਿਲੌਰ ਲੁਧਿਆਣਾ ਦੇ ਮੁੱਖੀ ਸੰਤ ਬਾਬਾ ਸੁਖਵਿੰਦਰ ਸਿੰਘ ਜੀ, ਗੁਰਦੁਆਰਾ ਰਵਿਦਾਸ ਮਹਾਰਾਜ ਨਗਰ ਵਾਲੇ ਸੰਤਾਂ ਮਹਾਪੁਰਸ਼ਾਂ ਵੱਲੋਂ ਇਸ ਸ਼ੋਭਾ ਯਾਤਰਾ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਸਮੂਹ ਸੰਗਤਾਂ ਨੂੰ ਚਾਹ ਪਾਣੀ ਵੀ ਛਕਾਇਆ ਗਿਆ ਇਸ ਮੌਕੇ ਤੇ ਬੋਲਦਿਆਂ ਸੰਤ ਸੁਖਵਿੰਦਰ ਸਿੰਘ ਜੀ ਨੇ ਸੰਤ ਨਿਰਮਲ ਦਾਸ ਜੋੜੇ,ਸੰਤ ਪਰਮਜੀਤ ਸਿੰਘ ਨਗਰ ਵਾਲੇ,ਸੰਤ ਸੁੰਦਰ ਦਾਸ ਜੀਰਾ, ਸੰਤ ਸਰਵਣ ਦਾਸ ਆਦਿ ਸੰਤਾਂ ਮਹਾਪੁਰਸ਼ਾਂ ਦੇ ਉਪਰਾਲੇ ਦੀ ਪ੍ਰਸੰਸਾ ਕੀਤੀ ਅਤੇ ਇਸ ਨੂੰ ਸਮੇਂ ਅਤੇ ਲੋਕਾਂ ਦੀ ਮੰਗ ਵਾਲਾ ਵਧੀਆ ਕਾਰਜ ਦੱਸਿਆ ਉਨ੍ਹਾਂ ਕਿਹਾ ਅਸੀ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਇਹ ਗੁਰੂ ਰਵਿਦਾਸ ਮਹਾਰਾਜ ਦਮੜੀ ਸ਼ੋਭਾ ਯਾਤਰਾ ਚੜਦੀ ਕਲਾ ਨਾਲ ਆਪਣੀ ਮੰਜ਼ਿਲ ਵੱਲ ਵਧੇ ਅਤੇ ਪਰਮਾਤਮਾ ਹਮੇਸ਼ਾ ਅੰਗ ਰਹੇ।

## ਪਿੰਡ ਪੁੰਨਾਵਾਲ ਵਿਖੇ ਸਾਉਣੀ ਦੀਆਂ ਫਸਲਾਂ ਸਬੰਧੀ ਲਾਇਆ ਕਿਸਾਨ ਸਿਖਲਾਈ ਕੈਂਪ ਲਾਇਆ ਗਿਆ



ਧੂਰੀ ( ਰਣਜੀਤ ਸਿੰਘ ਪੇਧਨੀ )-ਮੁੱਖ ਖੇਤੀਬਾੜੀ ਅਫਸਰ ਧਰਮਿੰਦਰਜੀਤ ਸਿੰਘ ਦੇ ਦਿਸਾ ਨਿਰਦੇਸਾ ਅਤੇ ਡਾਕਟਰ ਅਮਨਦੀਪ ਕੌਰ ਖੇਤੀਬਾੜੀ ਅਫਸਰ ਧੂਰੀ ਦੀ ਯੋਗ ਅਗਵਾਈ ਵਿੱਚ ਬਲਾਕ ਧੂਰੀ ਦੇ ਪਿੰਡ ਪੁੰਨਾਵਾਲ ਵਿਖੇ ਸਾਉਣੀ ਦੀਆਂ ਫਸਲਾਂ ਸਬੰਧੀ ਕਿਸਾਨ ਗਿਣਤੀ ਕਿਸਾਨਾਂ ਨੇ ਭਾਗ ਲਿਆ। ਇਸ ਮੌਕੇ ਸਰਬਜੀਤ ਸਿੰਘ ਖੇਤੀਬਾੜੀ ਵਿਸਥਾਰ ਅਫਸਰ ਨੇ ਕਿਸਾਨਾਂ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਫਸਲੀ ਭਵਿੰਨਤਾ ਅਪਣਾਉਣ ਦਾ ਸੱਦਾ ਦਿੱਤਾ ।ਉਨਾ ਕਿਹਾ ਕਿ ਕਿਸਾ ਨੂੰ ਕਣਕ ਤੇ ਬੇਲੋੜੀਆਂ ਸਪਰੇਹਾਂ ਕਰਨ ਤੋਂ ਗਰੇਜ ਕਰਨ ਦੀ ਅਪੀਲ ਵੀ ਕੀਤੀ ਅਤੇ ਆਧੁਨਿਕ ਮਸ਼ੀਨਰੀ ਸਬੰਧੀ ਕਿਸਾਨਾਂ ਨਾਲ ਵਿਚਾਰ ਵੀ ਸਾਂਝੇ ਕੀਤੇ ਇਸ ਮੌਕੇ ਪਿੰਡ ਦੇ ਕਿਸਾਨਾਂ ਤੋਂ ਇਲਾਵਾ ਮੈਡਮ ਮਨਪ੍ਰੀਤ ਕੌਰ ਖੇਤੀਬਾੜੀ ਉਪ ਨਿਰੀਖਕ, ਏ,ਟੀ,ਐਮ, ਮੱਖਣ ਸਿੰਘ, ਏ.ਟੀ,ਐਮ, ਹਰਜੀਤ ਸਿੰਘ ਅਤੇ ਜਗਰਾਜ ਸਿੰਘ ਬੇਲਦਾਰ ਹਾਜ਼ਰ ਸਨ।

## ਪ੍ਰਧਾਨ ਮੰਤਰੀ ਮੋਦੀ ਦੇ ਰਾਜ ਵਿੱਚ ਦੇਸ਼ ਤੇਜ਼ੀ ਨਾਲ ਵਿਕਾਸ ਵੱਲ ਵੱਧ ਰਿਹਾ ਹੈ ਜਸਵਿੰਦਰ ਸਿੰਘ ਰਿਖੀ

**ਧੂਰੀ ( ਰਣਜੀਤ ਸਿੰਘ ਪੇਧਨੀ )**-ਅੱਜ ਦੇਸ਼ ਦੇ ਸਾਰੇ ਨਾਗਰਿਕ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਜਨ ਕਲਿਆਣਕਾਰੀ ਨੀਤੀਆਂ ਤੋਂ ਬਹੁਤ ਖੁਸ਼ ਹਨ।ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਜੀ ਦੀ ਅਗਵਾਈ ਵਾਲੀ ਸਰਕਾਰ ਸਰਕਾਰ ਦਾ ਸਾਥ, ਸਭ ਦਾ ਵਿਕਾਸ, ਸਭ ਦਾ ਵਿਸ਼ਵਾਸ ਅਤੇ ਸਭ ਦੇ ਯਤਨਾਂ ਨਾਲ ਗਰੀਬਾਂ ਦੇ ਭਲਾਈ ਦਾ ਕੰਮ ਕਰ ਰਹੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ, ਧੂਰੀ ਇਲਾਕੇ ਦੇ ਉੱਘੇ ਸਮਾਜ ਸੇਵੀ ਸ, ਜਸਵਿੰਦਰ ਸਿੰਘ ਰਿਖੀ ਨੇ ਕੀਤਾ। ਉਨ੍ਹਾਂ ਕਿਹਾ ਕਿ ਰਾਜ ਦਾ ਗਰੀਬ ਵਰਗ ਜਾਣਦਾ ਹੈ ਜਿੱਥੇ ਕਮਲ ਦਾ ਨਿਸ਼ਾਨ ਹੈ ਕੋਈ ਗੱਲ ਨਹੀਂ ਉੱਥੇ ਹੀ ਗਰੀਬ ਦਾ ਕਲਿਆਣ ਹੈ । ਜਨਤਾ ਦਾ ਇਹ ਵਿਸ਼ਵਾਸ ਅਤੇ ਆਸ਼ੀਰਵਾਦ ਵੀ ਪਾਰਟੀ ਦੀ ਤਾਕਤ ਹੈ। ਅੱਜ ਭਾਰਤ ਅੰਮ੍ਰਿਤ ਕਾਲ ਤੋਂ ਸਵਰਨ ਕਾਲ ਵਿੱਚ ਪ੍ਰਵੇਸ਼ ਕਰ ਰਿਹਾ ਹੈ, ਨਾਲ ਇਹ ਵੀ ਕਿਹਾ ਕਿ ਅੱਜ ਦੇਸ਼ ਕਈ ਖੇਤਰਾਂ ਵਿੱਚ ਤੇਜੀ ਨਾਲ ਤਰੱਕੀ ਕਰ ਰਿਹਾ ਹੈ ਅਤੇ ਵਿਕਸਿਤ ਦੇਸ਼ ਬਣਨ ਦੀ ਦਿਸ਼ਾ ਵਿੱਚ ਅੱਗੇ ਵੱਧ ਰਿਹਾ ਹੈ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਰਾਜ ਵਿੱਚ ਭਾਰਤ ਵਿਸ਼ਵ-ਗੁਰੂ ਬਣਕੇ ਉੱਭਰਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਅੱਕ ਚੁੱਕੇ ਹਨ। ਪੰਜਾਬ ਦੇ ਲੋਕਾਂ ਨੇ ਹੁਣ ਮਨ ਬਣਾ ਲਿਆ ਹੈ ਕਿ ਆਉਣ ਵਾਲੀ 2027 ਵਿੱਚ ਨਰੋਲ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਾ ਕੇ ਪੰਜਾਬ ਅਤੇ ਪੰਜਾਬੀਅਤ ਨੂੰ ਪਿਆਰ ਕਰਨ ਵਾਲੇ ਲੋਕ ਇਤਿਹਾਸ ਸਿਰਜਣਗੇ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਗੁਰੂ ਕੀ ਬੇਰ ਮੱਤੇਵਾਲ ਦੀਆਂ

# ਦੋ ਵਿਦਿਆਰਥਣਾਂ ਪੰਜਾਬ ਮੈਰਿਟ ਵਿੱਚ







**ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ, 5 ਅਪ੍ਰੈਲ**-ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਦੀ ਰਹਿਨੁਮਾਈ ਹੇਠ ਚੱਲ ਰਹੀ ਸੰਸਥਾ ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਗੁਰੂ ਕੀ ਬੇਰ ਮੱਤੇਵਾਲ ਸੈਸ਼ਨ 2024-25 ਦੇ ਅੱਠਵੀਂ ਕਲਾਸ ਦਾ ਨਤੀਜਾ ਜਿਸ ਵਿੱਚ ਮਨਸੀਰਤ ਕੌਰ(98.16%) ਪੁੱਤਰੀ ਸਾਹਿਬ ਸਿੰਘ/ ਰਮਨਦੀਪ ਕੌਰ ਕੋਟ ਖਹਿਰਾ ਅਤੇ ਅਨੂਰੀਤ ਕੌਰ(98%) ਪੁੱਤਰੀ ਸਤਨਾਮ ਸਿੰਘ /ਹਰਪ੍ਰੀਤ ਕੌਰ ਰਾਮਦਵਾਲੀ ਨੇ ਪੰਜਾਬ ਮੈਰਿਟ ਵਿੱਚ 12ਵਾਂ ਤੇ 13ਵਾਂ ਰੈਂਕ ਪ੍ਰਾਪਤ ਕੀਤਾ ਅਤੇ ਸਕੂਲ ਵਿੱਚੋਂ ਪਹਿਲੇ ਅਤੇ ਦੂਜੇ ਸਥਾਨ ਤੇ ਰਹੀਆਂ ।ਇਸ ਦੇ ਨਾਲ ਹੀ ਕਰਨਬੀਰ ਸਿੰਘ (96.5%)ਪੁੱਤਰ ਬਚਿੱਤਰ ਸਿੰਘ /ਅਮਰਜੀਤ ਕੌਰ ਪਿੰਡ ਵੱਲਾ ਅਤੇ ਸੁਖਮਨਦੀਪ ਕੌਰ( 96.5%)ਪੁੱਤਰੀ ਜਸਵਿੰਦਰ ਸਿੰਘ /ਨਿਰਪਨਦੀਪ ਕੌਰ ਪਿੰਡ ਮੱਖਣਵਿੰਡੀ ਕ੍ਰਮਵਾਰ ਤੀਸਰੇ ਸਥਾਨ ਤੇ ਰਹੇ ।ਇਸ ਮੌਕੇ ਸੰਤ ਬਾਬਾ ਸੱਜਣ ਸਿੰਘ ਜੀ ਦੁਆਰਾ ਬੱਚਿਆਂ ਨੂੰ ਸਿਰੋਪਾਓ ਅਤੇ ਸ਼ੀਲਡਾਂ ਦੇ ਕੇ ਅਸੀਸ ਬਖਸ਼ੀ ਗਈ। ਇਸ ਮੌਕੇ ਪ੍ਰਿੰਸੀਪਲ ਗੁਰਸੇਵਕ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਅੱਠਵੀਂ ਦਾ ਨਤੀਜਾ ਬਹੁਤ ਸ਼ਾਨਦਾਰ ਰਿਹਾ ਹੈ। ਅਤੇ ਨਾਲ ਹੀ ਸਾਡੇ ਦੋ ਵਿਦਿਆਰਥੀਆਂ ਦੀ ਪੰਜਾਬ ਵਿੱਚ ਮੈਰਿਟ ਰਹੀ ਹੈ ।ਜਿਸ ਦਾ ਸਿਹਰਾ ਸੰਸਥਾ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਜੀ ਨੂੰ ,ਮੇਰੇ ਸਮੂਹ ਸਟਾਫ ਅਤੇ ਬੱਚਿਆਂ ਨੂੰ ਜਾਂਦਾ ਹੈ ।ਇਸ ਦੇ ਨਾਲ ਹੀ ਸੰਤ ਬਾਬਾ ਸੱਜਣ ਸਿੰਘ ਜੀ ਨੇ ਆਏ ਹੋਏ ਬੱਚਿਆਂ ਦੇ ਮਾਪਿਆਂ ਨੂੰ ਵੀ ਸਨਮਾਨਿਤ ਕੀਤਾ ਅਤੇ ਬੱਚਿਆਂ ਨੂੰ ਫੀਸਾਂ ਵਿੱਚ ਵਿਸ਼ੇਸ਼ ਛੋਟ ਦਿੱਤੀ। ਇਸ ਮੌਕੇ ਜਸਵਿੰਦਰ ਸਿੰਘ , ਸਰਬਜੀਤ ਸਿੰਘ ,ਮੈਡਮ ਗੁਰਭਿੰਦਰ ਕੌਰ ,ਪਲਵਿੰਦਰ ਸਿੰਘ ,ਰਣਜੀਤ ਸਿੰਘ ,ਮੈਡਮ ਪਲਵਿੰਦਰ ਕੌਰ, ਰਵਿੰਦਰ ਸਿੰਘ, ਜਗਰੂਪ ਸਿੰਘ, ਮੈਡਮ ਰੁਪਿੰਦਰ ਕੌਰ ਸਰਦਾਰ ,ਨਰਿੰਦਰ ਸਿੰਘ ਭੋਏ ,ਬਾਬਾ ਜੱਸਾ ਸਿੰਘ ,ਮੈਡਮ ਨਵਦੀਪ ਕੌਰ ਹਾਜ਼ਰ ਸਨ।

### ਮਨੁੱਖਤਾ ਦੀ ਸੇਵਾ ਟਰਸਟ ਦੇ ਗੁਰਪ੍ਰੀਤ ਸਿੰਘ ਨੇ

# ਤਖ਼ਤ ਪਟਨਾ ਸਾਹਿਬ ਪ੍ਰਬੰਧਕਾਂ ਦੀ ਸੇਵਾ ਦੀ ਸਰਾਹਨਾ ਕੀਤੀ



ਨਵੀਂ ਦਿੱਲੀ, 5 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ): ਪੰਜਾਬ ਤੋਂ ਸੰਗਤ ਦੇ ਨਾਲ ਤਖ਼ਤ ਪਟਨਾ ਸਾਹਿਬ ਨਤਮਸਤਕ ਹੋਣ ਪਹੁੰਚੇ ਗੁਰਪ੍ਰੀਤ ਸਿੰਘ ਮਿੰਟਾ, ਜਿਨ੍ਹਾਂ ਨੂੰ ਮਨੁੱਖਤਾ ਦੀ ਸੇਵਾ ਲਈ ਜਾਣਿਆ ਜਾਂਦਾ ਹੈ, ਜੋ ਕਿਸੇ ਵੀ ਭੇਦਭਾਵ ਤੋਂ ਬਿਨਾਂ ਉਨ੍ਹਾਂ ਲੋਕਾਂ ਦੀ ਸੇਵਾ ਕਰਦੇ ਹਨ ਜਿਨ੍ਹਾਂ ਨੂੰ ਸਮਾਜ ਨੇ ਅਣਡਿੱਠਾ ਕਰ ਦਿੱਤਾ ਹੁੰਦਾ ਹੈ।ਉਹ ਲੋਕ ਜੋ ਨਰਕ ਵਰਗੇ ਜੀਵਨ ਦਾ ਸਾਹਮਣਾ ਕਰ ਰਹੇ ਹੁੰਦੇ ਹਨ। ਇਹ ਸੰਗਠਨ ਉਨ੍ਹਾਂ ਲੋਕਾਂ ਦੀ ਪਹਚਾਣ ਕਰਕੇ ਉਨ੍ਹਾਂ ਨੂੰ ਫਿਰ ਤੋਂ ਸਮਾਜ ਵਿੱਚ ਜੀਵਨ ਜੀਣ ਦੇ ਯੋਗ ਬਣਾਉਂਦਾ ਹੈ ਅਤੇ ਉਨ੍ਹਾਂ ਦੀ ਸੇਵਾ ਕਰਦਾ ਹੈ। ਗੁਰਪ੍ਰੀਤ ਸਿੰਘ ਆਪਣੇ ਨਾਲ ਸੰਗਤ ਦਾ ਜਥਾ ਲੈ ਕੇ ਤਖ਼ਤ ਪਟਨਾ ਸਾਹਿਬ ਗੁਰੂ ਸਾਹਿਬ ਦਾ ਆਸ਼ੀਰਵਾਦ ਲੈਣ ਪਹੁੰਚੇ ਸਨ। ਕਮੇਟੀ ਦੁਆਰਾ ਉਨ੍ਹਾਂ ਨੂੰ ਪਟਨਾ ਸਾਹਿਬ ਭਵਨ ਗੁਰੂ ਦਾ ਬਾਗ ਵਿੱਚ ਠਹਿਰਾਇਆ ਗਿਆ ਸੀ। ਅੱਜ ਉਨ੍ਹਾਂ ਨੇ ਤਖ਼ਤ ਸਾਹਿਬ ਤੋਂ ਵਿਦਾਈ ਲਈ। ਤਖ਼ਤ ਪਟਨਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਬਲਦੇਵ ਸਿੰਘ ਨੇ ਉਨ੍ਹਾਂ ਨੂੰ ਸਿਰੋਪਾ ਪ੍ਰਦਾਨ ਕੀਤਾ ਅਤੇ ਸੁਪਰਿਟੈਂਡੀਟ ਦਲਜੀਤ ਸਿੰਘ ਨੇ ਉਨ੍ਹਾਂ ਨੂੰ ਸਮ੍ਰਿਤੀ ਚਿਨ੍ਹ ਦੇ ਕੇ ਸਨਮਾਨਿਤ ਕੀਤਾ। ਗੁਰਪ੍ਰੀਤ ਸਿੰਘ ਅਤੇ ਉਨ੍ਹਾਂ ਨਾਲ ਆਈ ਸੰਗਤ ਵੱਲੋਂ ਤਖ਼ਤ ਪਟਨਾ ਸਾਹਿਬ ਕਮੇਟੀ ਦੇ ਮੁੱਖੀ ਸਰਦਾਰ ਜਗਜੋਤ ਸਿੰਘ ਸੋਹੀ ਸਮੇਤ ਸਾਰੀਆਂ ਕਮੇਟੀ ਪ੍ਰਬੰਧਕਾਂ ਅਤੇ ਸਟਾਫ ਦੀ ਭਰਪੂਰ ਸਰਾਹਨਾ ਕੀਤੀ ਗਈ। ਉਨ੍ਹਾਂ ਨੇ ਕਿਹਾ ਕਿ ਇਥੇ ਆ ਕੇ ਉਨ੍ਹਾਂ ਨੂੰ ਇੱਕ ਵੱਖਰੀ ਕਿਸਮ ਦੀ ਸ਼ਾਂਤੀ ਮਿਲੀ, ਜਦੋਂ ਕਿ ਪ੍ਰਬੰਧਕਾਂ ਅਤੇ ਸਟਾਫ਼ ਵੱਲੋਂ ਸੰਗਤ ਦੀ ਸੇਵਾ ਜਿਸ ਤਰ੍ਹਾਂ ਕੀਤੀ ਜਾਂਦੀ ਹੈ, ਸਾਫ ਸੁਥਰੇ ਕਮਰੇ, ਬਿਸਤਰ, ਲੰਗਰ ਆਦਿ ਦੇ ਪੱਕੇ ਪ੍ਰਬੰਧ ਕੀਤੇ ਜਾਂਦੇ ਹਨ, ਜਿਸ ਲਈ ਕਮੇਟੀ ਵਧਾਈ ਦੀ ਪਾਤਰ ਹੈ।

# ਫੈਡਰੇਸ਼ਨ ਨੇ ਡੰਮ੍ਹੀ ਦਾਖ਼ਿਲਆਂ ਵਿਰੁੱਧ ਵਿੱਢੀ ਮੁਹਿੰਮ, ਪੰਜਾਬ ਦੇ ਸਾਰੇ ਡੰਮ੍ਹੀ ਸਕੂਲ ਹੋਣਗੇ ਬੈਨ : ਡਾ. ਜਗਜੀਤ ਸਿੰਘ ਧੂਰੀ



**ਧੂਰੀ (ਰਣਜੀਤ ਸਿੰਘ ਪੇਧਨੀ )**-ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ਼ ਪੰਜਾਬ ਸੂਬੇ ਦੇ ਸਮੂਹ ਸਕੂਲਾਂ ਦੀ ਨੁਮਾਇੰਦਗੀ ਕਰਦੀ ਹੈ। ਜਾਣਕਾਰੀ ਦਿੰਦੇ ਹੋਏ ਫੈਡਰੇਸ਼ਨ ਦੇ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ ਨੇ ਦੱਸਿਆ ਕਿ ਫੈਡਰੇਸ਼ਨ ਸਿੱਖਿਆ ਦੇ ਮਿਆਰ ਨੂੰ ਲੈ ਕੇ ਬਹੁਤ ਸੁਹਿਰਦ ਹੈ। ਪੰਜਾਬੀ ਭਾਸ਼ਾ ਨੂੰ ਮੁੱਢ ਤੋਂ ਲਾਗੂ ਕਰਨ ਤੋਂ ਲੈ ਕੇ ਵੱਖ ਵੱਖ ਸਿੱਖਿਆ ਸਬੰਧੀ ਨੀਤੀਆਂ ਦਾ ਫੈਡਰੇਸ਼ਨ ਵੱਲੋਂ ਹਮੇਸ਼ਾ ਸਵਾਗਤ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਪਿਛਲੇ ਸਮੇਂ ਵਿੱਚ ਸਕੂਲਾਂ ਦੇ ਗਿਆਰ੍ਹਵੀਂ ਅਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵਿੱਚ ਡੰਮ੍ਹੀ ਦਾਖ਼ਿਲਆਂ ਦਾ ਰੁਝਾਨ ਵਧਿਆ ਹੈ। ਪਿਛਲੇ ਸਾਲ ਸੀ.ਬੀ.ਐੱਸ.ਈ. ਵੱਲੋਂ ਪੂਰੇ ਦੇਸ਼ ਵਿੱਚ ਚੈਕਿੰਗ ਕਰਕੇ ਅਜਿਹੇ ਸਕੂਲਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਗਈ ਹੈ। ਇਸ ਵਾਰ ਸੀ.ਬੀ.ਐੱਸ.ਈ. ਵੱਲੋਂ ਹੁਕਮ ਜਾਰੀ ਹੋਏ ਹਨ ਕਿ ਜੇਕਰ ਕੋਈ ਅਜਿਹਾ ਵਿਦਿਆਰਥੀ ਪਾਇਆ ਗਿਆ ਤਾਂ ਉਸ ਨੂੰ ਪੇਪਰਾਂ ਵਿੱਚ ਰੈਗੂਲਰ ਤੌਰ ਤੇ ਬੈਠਣ ਦੀ ਆਗਿਆ ਨਹੀਂ ਹੋਵੇਗੀ ਅਤੇ ਸਕੂਲ ਉੱਪਰ ਵੀ ਕਾਰਵਾਈ ਹੋਵੇਗੀ। ਫੈਡਰੇਸ਼ਨ ਵੱਲੋਂ ਕਰਵਾਈ ਇੱਕ ਪੋਲਿੰਗ ਦੌਰਾਨ 97 ਪ੍ਰਤੀਸ਼ਤ ਸਕੂਲ ਇਸ ਹੱਕ ਵਿੱਚ ਹਨ ਕਿ ਇਹਨਾਂ ਡੰਮ੍ਹੀ ਦਾਖ਼ਿਲਆਂ ਉੱਪਰ ਮੁਕੰਮਲ ਤੌਰ ਤੇ ਰੋਕ ਲੱਗਣੀ ਚਾਹੀਦੀ ਹੈ। ਸੀ.ਬੀ.ਐੱਸ.ਈ. ਬੋਰਡ ਅਤੇ ਫੈਡਰੇਸ਼ਨ ਦੇ ਇਸ ਰੁਖ਼ ਤੋਂ ਉਪਰੰਤ ਪੰਜਾਬ ਸਰਕਾਰ ਵੀ ਇਸ ਪ੍ਰਤੀ ਗੰਭੀਰ ਹੋਈ ਹੈ। ਪਿਛਲੇ ਦਿਨੀਂ ਜ਼ਿਿਲਆਂ ਦੇ ਮਾਣਯੋਗ ਡਿਪਟੀ ਕਮਿਸ਼ਨਰਾਂ ਨੇ ਵੀ ਸਕੂਲ ਪ੍ਰਬੰਧਕਾਂ ਨਾਲ ਮੀਟਿੰਗਾਂ ਕਰਕੇ ਇਸ ਉੱਪਰ ਮੁਕੰਮਲ ਰੋਕ ਲਗਾਉਣ ਲਈ ਕਹਿ ਦਿੱਤਾ ਹੈ। ਪਿਛਲੇ ਦਿਨਾਂ ਦਾ ਇਹ ਰੁਝਾਨ ਦੇਖਣ ਉਪਰੰਤ ਸੁਣਨ ਵਿੱਚ ਆਇਆ ਹੈ ਕਿ ਡੰਮ੍ਹੀ ਦਾਖ਼ਿਲਆਂ ਨੇ ਸਰਕਾਰੀ ਸਕੂਲਾਂ ਦਾ ਰੁਖ਼ ਕਰ ਲਿਆ ਹੈ। ਜਾਣਕਾਰੀ ਦਿੰਦੇ ਹੋਏ ਫੈਡਰੇਸ਼ਨ ਦੇ ਜ਼ਿਲ੍ਹਾ ਸੰਗਰੂਰ ਦੇ ਮੁੱਖ ਪ੍ਰਤੀਨਿਧ ਕੰਵਲਜੀਤ ਸਿੰਘ ਢੀਂਡਸਾ ਨੇ ਕਿਹਾ ਕਿ ਜ਼ਿਲ੍ਹੇ ਦੀ ਨਿਗਰਾਨ ਟੀਮ ਦਾ ਗਠਨ ਹੋ ਗਿਆ ਹੈ ਜੋ ਕਿ ਇੱਕ ਇੱਕ ਵਿਦਿਆਰਥੀ ਅਤੇ ਸਕੂਲ ਦੀ ਚੁਣ ਕੇ ਪਹਿਚਾਣ ਕਰੇਗੀ ਅਤੇ ਆਪਣੀ ਰਿਪੋਰਟ ਫੈਡਰੇਸ਼ਨ ਨੂੰ ਜਮਾਂ ਕਰਵਾਏਗੀ। ਫੈਡਰੇਸ਼ਨ ਸੀ.ਬੀ.ਐੱਸ.ਈ. ਅਤੇ ਸਰਕਾਰ ਦੇ ਤਾਲਮੇਲ ਨਾਲ ਸਬੰਧਿਤ ਸਕੂਲਾਂ ਉੱਪਰ ਸਖ਼ਤ ਕਾਰਵਾਈ ਕਰਨ ਦੀ ਜ਼ਿੰਮੇਵਾਰੀ ਚੁੱਕੇਗੀ। ਡਾ. ਜਗਜੀਤ ਸਿੰਘ ਧੂਰੀ ਦਾ ਕਹਿਣਾ ਹੈ ਕਿ ਨਾਨ-ਅਟੈਂਡਿੰਗ ਦਾਖ਼ਿਲਆਂ ਨੇ ਪਹਿਲਾਂ ਪੰਜਾਬ ਦੇ ਟੈਕਨੀਕਲ ਕਾਲਜ ਖ਼ਤਮ ਕਰ ਦਿੱਤੇ ਹਨ ਅਤੇ ਹੁਣ ਇਹ ਬਿਮਾਰੀ ਸਕੂਲਾਂ ਵਿੱਚ ਆ ਵੜੀ ਹੈ। ਫੈਡਰੇਸ਼ਨ ਇਸ ਨੂੰ ਜੜ੍ਹੋਂ ਪੁੱਟਣ ਲਈ ਵਚਨਬੱਧ ਹੈ।

# ਮਾਤਾ ਸੁੰਦਰੀ ਕਾਲਜ ਦੀਆਂ ਵਿਦਿਆਰਥਣਾ ਨੇ ਸ਼੍ਰੀ ਮੰਜੀ ਸਾਹਿਬ ਅੰਬਾਲਾ ਸ਼ਹਿਰ ਵਿਖੇ ਕੀਤੇ ਦਰਸ਼ਨ ਦੀਦਾਰੇ: ਰਜਿੰਦਰ ਸਿੰਘ ਵਿਰਾਸਤ



**ਨਵੀਂ ਦਿੱਲੀ, 5 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:-ਮਾਤਾ ਸੁੰਦਰੀ ਕਾਲਜ ਦੇ ਪ੍ਰਿੰਸੀਪਲ ਸਾਹਿਬਾ ਦੀ ਅਗਵਾਈ ਵਿੱਚ ਵਿਦਿਆਰਥਨਾਂ ਦਾ ਜੱਥਾ ਸ਼੍ਰੀ ਮੰਜੀ ਸਾਹਿਬ ਅੰਬਾਲਾ ਸ਼ਹਿਰ ਵਿਖੇ ਦਰਸ਼ਨ ਦੀਦਾਰੇ ਲਈ ਪਹੁੰਚਣ ਤੇ ਵਿਰਾਸਤ ਸਿੱਖੀਜ਼ਮ ਟਰੱਸਟ ਦੇ ਅੰਤਰਿਮ ਮੈਂਬਰ ਸਰਦਾਰ ਕਰਮ ਸਿੰਘ ਨੇ ਸੰਗਤ ਦਾ ਭਰਵਾਂ ਸਵਾਗਤ ਕੀਤਾ। ਗੁਰਦੁਆਰਾ ਮੰਜੀ ਸਾਹਿਬ ਦੇ ਮੈਨੇਜਰ ਸਰਦਾਰ ਪ੍ਰਿਤਪਾਲ ਸਿੰਘ ਜੀ ਨੇ ਵੀ ਦਰਸ਼ਨ ਨੂੰ ਆਈ ਸੰਗਤ ਨੂੰ ਜੀ ਆਇਆਂ ਆਖਿਆ ਅਤੇ ਕਾਲਜ ਦੀ ਪ੍ਰਿੰਸੀਪਲ ਪ੍ਰੋਫੈਸਰ ਹਰਪ੍ਰੀਤ ਕੌਰ ਅਤੇ ਟਰੱਸਟ ਦੇ ਚੇਅਰਮੈਨ ਸਰਦਾਰ ਰਜਿੰਦਰ ਸਿੰਘ ਅਤੇ ਡਾ ਰਸ਼ਮੀ ਕੋਰ ਨੂੰ ਸਿਰੋਪਾਓ ਦੀ ਬਖਸ਼ਿਸ਼ ਨਾਲ ਨਵਾਜਿਆ। ਸਰਦਾਰ ਪ੍ਰਿਤਪਾਲ ਸਿੰਘ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧੀਨ ਮਾਤਾ ਸੁੰਦਰੀ ਕੋਰ ਜੀ ਦੇ ਨਾਮ ਤੇ ਚਲ ਰਹੇ ਕਾਲਜ ਵਲੋਂ ਬੱਚਿਆਂ ਨੂੰ ਗੁਰੂ ਘਰ ਨਾਲ ਜੋੜਨ ਦਾ ਇਹ ਇਕ ਸ਼ਲਾਘਾਯੋਗ ਉਪਰਾਲਾ ਹੈ। ਪ੍ਰਿੰਸੀਪਲ ਪ੍ਰੋਫੈਸਰ ਹਰਪ੍ਰੀਤ ਕੌਰ ਨੇ ਸਮੁੱਚੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਡੇ ਇਸ ਉਪਰਾਲੇ ਦਾ ਮੁੱਖ ਟੀਚਾ ਨੋਜਵਾਨ ਬੱਚਿਆਂ ਨੂੰ ਪਾਵਨ ਇਤਿਹਾਸਕ ਅਸਥਾਨ ਦੇ ਦਰਸ਼ਨ ਦੀਦਾਰੇ ਕਰਵਾ ਕੇ ਗੁਰੂ ਸਾਹਿਬਾਨ ਦੇ ਇਤਿਹਾਸ ਨਾਲ ਜੋੜਨਾ ਹੈ। ਟਰੱਸਟ ਦੇ ਅੰਤਰਿਮ ਮੈਂਬਰ ਸਰਦਾਰ ਕਰਮ ਸਿੰਘ ਨੇ ਦੱਸਿਆ ਕਿ ਜਲਦ ਹੀ ਅੰਬਾਲਾ ਦੇ ਨੋਜਵਾਨ ਬੱਚਿਆਂ ਲਈ ਇਕ ਨਵੇਕਲ ਪ੍ਰੋਗਰਾਮ ਵਿਰਾਸਤ ਸਿੱਖੀਜ਼ਮ ਟਰੱਸਟ ਵੱਲੋਂ ਕਰਵਾਇਆ ਜਾਵੇਗਾ।


# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਨਾਲ ਗਰੀਬ ਤੇ ਧਾਰਮਿਕ ਆਸਥਾ ਰੱਖਣ ਵਾਲੇ ਲੋਕਾਂ ਨੂੰ ਮਿਲੇਗਾ ਵੱਡਾ ਲਾਹਾ: ਆਪ ਆਗੂ




ਧੂਰੀ ( ਰਣਜੀਤ ਸਿੰਘ ਪੇਧਨੀ ) ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ ਪੁਰਬ ਮੌਕੇ ਪੰਜਾਬ ਸਰਕਾਰ ਵੱਲੋਂ ਸੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ 16 ਮਹੀਨਿਆ ਦੇ ਬਾਅਦ ਮੁੜ ਸੁਰੂ ਹੋਣ ਨਾਲ ਗਰੀਬ ਤੇ ਆਮ ਵਰਗ ਦੇ ਧਾਰਮਿਕ ਆਸਥਾ ਰੱਖਣ ਵਾਲੇ ਲੋਕਾ ਨੂੰ ਵੱਡਾ ਲਾਹਾ ਮਿਲੇਗਾ ਤੇ ਇਸ ਯੋਜਨਾ ਤਾਹਿਤ ਸਰਕਾਰ 100 ਕਰੋੜ ਦਾ ਫੰਡ ਵੀ ਰੱਖਿਆ ਹੈ ਤੇ ਇਸ ਯਾਤਰਾ ਦੀ ਰਜਿਸਟ੍ਰੇਸਨ ਦਾ ਕੰਮ ਅਪ੍ਰੈਲ ਮਹੀਨੇ ਦੇ ਆਖਰੀ ਹਫਤੇ ਸੁਰੂ ਹੋਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪਰਮਜੀਤ ਸਿੰਘ ਕਾਂਝਲਾ, ਕਰਮਜੀਤ ਸਿੰਘ ਕਾਂਝਲਾ, ਰਣਜੋਧ ਸਿੰਘ ਕਾਂਝਲਾ ਅਤੇ ਬਸੰਤ ਕੁਮਾਰ ਕਾਂਝਲਾ ਨੇ ਸਾਂਝੇ ਤੌਰ 'ਤੇ ਕੀਤਾ ।ਆਗੂਆਂ ਨੇ ਕਿਹਾ ਕਿ ਅੱਤ ਦੀ ਮਹਿੰਗਾਈ ਵਿੱਚ ਗਰੀਬ ਵਰਗ ਦਾ ਧਾਰਮਿਕ ਯਾਤਰਾ ਕਰਨ ਦਾ ਸੁਪਨਾ ਅਧੂਰਾ ਰਹਿ ਜਾਂਦਾ ਸੀ। ਪਰ ਇਸ ਸਕੀਮ ਨਾਲ ਉਹ ਧਾਰਮਿਕ ਯਾਤਰਾ ਅਸਾਨੀ ਨਾਲ ਕਰ ਸਕਦਾ ਹੈ ਤੇ ਇਸ ਯੋਜਨਾ ਦਾ ਹੋਰਨਾ ਲੋੜਵੰਦਾ ਨੂੰ ਵੀ ਵੱਡਾ ਲਾਹਾ ਮਿਲੇਗਾ ।ਉਨਾ ਕਿਹਾ ਕਿ ਇਸ ਤੋ ਪਹਿਲਾ ਕਿਸੇ ਵੀ ਸਰਕਾਰਾਂ ਨੇ ਇਹੋ ਜਿਹਾ ਉਪਰਾਲਾ ਨਹੀ ਕੀਤਾ ਪਰ ਇਹ ਸਭ ਲੋਕਾ ਦੀ ਆਪਣੀ ਚੁਣੀ ਆਪ ਸਰਕਾਰ ਦੇ ਰਾਜਭਾਗ ਵਿੱਚ ਹੀ ਸੰਭਵ ਹੋ ਸਕਿਆ ਹੈ ।ਆਗੂਆ ਨੇ ਅੱਗੇ ਕਿਹਾ ਕਿ ਮਾਨ ਸਰਕਾਰ ਵੱਲੋ ਪੰਜਾਬ ਦੀ ਨੁਹਾਰ ਬਦਣ ਲਈ ਸਾਰੀਆਂ ਗਰੰਟੀਆਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਜਿਸ ਤੋਂ ਲੋਕ ਹੁਣ ਆਪਣੇ ਆਪ ਨੂੰ ਸੁਰੱਖਿਅਤ ਰਾਜ ਦੇ ਵਸਨੀਕ ਸਮਝ ਰਹੇ ਹਨ ।ਉਨਾ ਇਹ ਵੀ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਅਥਾਹ ਵਿਕਾਸ ਕਾਰਜ ਹੋ ਰਹੇ ਹਨ, ਗਰੰਟੀਆਂ ਨੂੰ ਹਰ ਹੀਲੇ ਪੂਰਾ ਕੀਤਾ ਜਾ ਰਿਹਾ ਹੈ।

### ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਸਕੂਲ ਦਾ

# ਨਤੀਜਾ ਰਿਹਾ 100 ਫੀਸਦੀ




**ਫ਼ਿਰੋਜ਼ਪੁਰ, 5 ਅਪ੍ਰੈਲ (ਮਨੋਹਰ ਲਾਲ) :—** ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਸਕੂਲ ਦੇ ਵਿਦਿਆਰਥੀਆਂ ਦੇ ਅੱਠਵੀਂ ਕਲਾਸ ਦਾ ਨਤੀਜਾ 100 ਪ੍ਰਤੀਸ਼ਤ ਰਿਹਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਅੱਠਵੀਂ ਕਲਾਸ ਦੇ ਆਏ ਨਤੀਜਿਆਂ ਵਿਚ ਗੁਰਸ਼ਾਨਪ੍ਰੀਤ ਸਿੰਘ 97 ਫੀਸਦੀ ਅੰਕਾਂ ਨਾਲ ਪਹਿਲਾਂ ਸਥਾਨ ਹਾਸਲ ਕੀਤਾ, ਜਦੋਂ ਕਿ ਸਿਮਰਨਪ੍ਰੀਤ ਕੌਰ 95 ਫੀਸਦੀ ਨਾਲ ਦੂਜੇ ਸਥਾਨ, ਸੁਖਮਨਪ੍ਰੀਤ ਕੌਰ 94.5 ਫੀਸਦੀ, ਗੁਰਨੀਤ ਕੌਰ 93.83 ਫੀਸਦੀ, ਅਰਮਾਨਦੀਪ ਸਿੰਘ 92.66 ਫੀਸਦੀ ਪ੍ਰਾਪਤ ਕਰਕੇ ਪੁਜੀਸ਼ਨਾਂ ਹਾਸਿਲ ਕੀਤੀਆਂ। ਉਨ੍ਹਾਂ ਦੱਸਿਆ ਕਿ ਦੋ ਵਿਦਿਆਰਥੀਆਂ ਨੇ ਗਣਿਤ ਅਤੇ ਪੰਜਾਬੀ ਵਿੱਚੋਂ 100 ਫੀਸਦੀ ਨੰਬਰ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ ਦਾ ਅਤੇ ਫਿਰੋਜ਼ਪੁਰ ਜ਼ਿਲ੍ਹੇ ਦਾ ਨਾਮ ਰੋਸ਼ਨ ਕੀਤਾ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਅਤੇ ਭਾਈ ਵੀਰਪਾਲ ਸਿੰਘ ਨੇ ਬੱਚਿਆਂ ਨੂੰ ਅਤੇ ਬੱਚਿਆਂ ਦੇ ਮਾਤਾ ਪਿਤਾ ਨੂੰ ਵਧਾਈਆਂ ਦਿੱਤੀਆਂ ਅਤੇ ਕਿਹਾ ਕਿ ਇਹ ਵਿਦਿਆਰਥੀ ਆਉਣ ਵਾਲੇ ਸਮੇਂ ਵਿੱਚ ਆਪਣੇ ਜਿਲ੍ਹੇ ਦਾ ਆਪਣੇ ਪਿੰਡ ਦਾ ਅਤੇ ਆਪਣੇ ਸਕੂਲ ਦਾ ਨਾਮ ਰੋਸ਼ਨ ਕਰਨਗੇ। ਉਨ੍ਹਾਂ ਕਿਹਾ ਕਿ ਸਾਨੂੰ ਇਨ੍ਹਾਂ ਤੋਂ ਉਮੀਦ ਹੈ ਕਿ ਇਸੇ ਤਰ੍ਹਾਂ ਮਿਹਨਤ ਕਰਕੇ ਆਉਣ ਵਾਲੀਆਂ ਜਮਾਤਾਂ ਵਿੱਚੋਂ ਵੀ ਚੰਗੇ ਨੰਬਰ ਪ੍ਰਾਪਤ ਕਰਕੇ ਪੁਜੀਸ਼ਨਾਂ ਹਾਸਿਲ ਕਰਨਗੇ। ਪੁਜੀਸ਼ਨਾਂ ਹਾਸਲ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਾਰੇ ਅਧਿਆਪਕਾਂ ਵੱਲੋਂ ਵਿਸ਼ੇਸ਼ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਵਿਦਿਆਰਥੀਆਂ ਵਿਚ ਖੁਸ਼ੀ ਦਾ ਮਾਹੌਲ ਛਾਇਆ ਸੀ। ਇਸ ਮੌਕੇ ਬਲਰਾਜ ਸਿੰਘ, ਗੁਰਵਿੰਦਰ ਸਿੰਘ, ਰਵਿੰਦਰ ਸਿੰਘ, ਮੈਡਮ ਰਜਨੀ ਬਾਲਾ, ਮੈਡਮ ਸਿਮਰਨ ਕੌਰ ਅਤੇ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਹਾਜ਼ਰ ਸਨ।

### ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ 'ਚ

# ਕੇਂਦਰ ਤੇ ਪੰਜਾਬ ਸਰਕਾਰ ਬਣਾਏ ਸਖ਼ਤ ਤੇ ਵਿਸ਼ੇਸ਼ ਕਾਨੂੰਨ- ਜਥੇਦਾਰ ਕੁਲਦੀਪ ਸਿੰਘ ਗੜਗੱਜ



**ਨਵੀਂ ਦਿੱਲੀ, 5 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਵਿੱਚ ਕੇਂਦਰ ਅਤੇ ਪੰਜਾਬ ਸਰਕਾਰ ਸਖ਼ਤ ਅਤੇ ਵਿਸ਼ੇਸ਼ ਕਾਨੂੰਨ ਬਣਾਉਣ। ਦਫ਼ਤਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਇੱਕ ਬਿਆਨ ਵਿੱਚ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਿੱਖਾਂ ਦੇ ਜੁਗੋ ਜੁਗ ਅਟੱਲ ਹਾਜ਼ਰ ਨਾਜ਼ਰ ਗੁਰੂ ਹਨ ਅਤੇ ਜਦੋਂ ਵੀ ਕਿਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਹੁੰਦੀ ਹੈ ਤਾਂ ਦੇਸ਼ ਦੁਨੀਆ ਵਿੱਚ ਵੱਸਦੇ ਸਿੱਖਾਂ ਦੇ ਹਿਰਦੇ ਵਲੂੰਧਰੇ ਜਾਂਦੇ ਹਨ। ਜ਼ਿਕਰਯੋਗ ਹੈ ਕਿ ਬੀਤੇ ਕੱਲ੍ਹ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਪਟਿਆਲਾ ਜ਼ਿਲ੍ਹੇ ਦੇ ਸਮਾਣਾ ਵਿਖੇ ਕਰੀਬ ਛੇ ਮਹੀਨਿਆਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਰੋਕਣ ਲਈ ਦੋਸ਼ੀਆਂ ਖਿਲਾਫ ਸਖ਼ਤ ਕਾਨੂੰਨ ਦੀ ਮੰਗ ਕਰਦਿਆਂ ਟਾਵਰ ਉੱਤੇ ਚੜ੍ਹਕੇ ਸੰਘਰਸ਼ ਕਰ ਰਹੇ ਭਾਈ ਗੁਰਜੀਤ ਸਿੰਘ ਖ਼ਾਲਸਾ ਨਾਲ ਮੁਲਾਕਾਤ ਕਰਨ ਲਈ ਪੁੱਜੇ ਸਨ। ਜਥੇਦਾਰ ਗੜਗੱਜ ਨੇ ਭਾਈ ਗੁਰਜੀਤ ਸਿੰਘ ਨਾਲ ਵੀਡੀਓ ਕਾਲ ਉੱਤੇ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਆਪਣੀ ਭੁੱਖ ਹੜਤਾਲ ਛੱਡਣ, ਭੋਜਣ ਛਕਣ ਤੇ ਸੰਘਰਸ਼ ਜਾਰੀ ਰੱਖਣ ਲਈ ਕਿਹਾ ਅਤੇ ਇਹ ਭਰੋਸਾ ਦਿੱਤਾ ਕਿ ਇਸ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸਮੁੱਚਾ ਸਿੱਖ ਜਗਤ ਉਨ੍ਹਾਂ ਦੇ ਨਾਲ ਹੈ।

ਜਥੇਦਾਰ ਗੜਗੱਜ ਨੇ ਕਿਹਾ ਕਿ ਪਿਛਲੇ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ ਪੰਜਾਬ ਦੇ ਨਾਲ-ਨਾਲ ਹੋਰ ਸੂਬਿਆਂ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਸਮੇਂ-ਸਮੇਂ ਵਾਪਰਦੀਆਂ ਰਹੀਆਂ ਹਨ ਅਤੇ ਇਨ੍ਹਾਂ ਘਟਨਾਵਾਂ ਲਈ ਸਮੁੱਚਾ ਸਿੱਖ ਜਗਤ ਚਿੰਤਤ ਹੈ। ਉਨ੍ਹਾਂ ਕਿਹਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ 'ਤੇ ਸਾਰੀਆਂ ਸਿਆਸੀ ਪਾਰਟੀਆਂ ਹੀ ਸਿਆਸਤ ਕਰਦੀਆਂ ਰਹੀਆਂ ਹਨ, ਪਰ ਜੋ ਕੰਮ ਉਨ੍ਹਾਂ ਦੇ ਕਰਨ ਵਾਲਾ ਹੈ, ਉਹ ਨਹੀਂ ਕੀਤਾ ਗਿਆ। ਇਹ ਕਾਰਜ ਬੇਅਦਬੀ ਕਰਨ ਵਾਲੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦੇਣ ਵਾਲਾ ਕਾਨੂੰਨ ਬਣਾਉਣ ਦਾ ਹੈ।

ਜਥੇਦਾਰ ਗੜਗੱਜ ਨੇ ਕਿਹਾ ਸਿੱਖਾਂ ਦੀ ਨੁਮਾਇੰਦਾ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਸ ਦੇ ਸਮੇਂ-ਸਮੇਂ ਰਹੇ ਪ੍ਰਧਾਨ ਸਾਹਿਬਾਨ ਵੱਲੋਂ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਵਿੱਚ ਜਨਰਲ ਇਜਲਾਸ ਅਤੇ ਅੰਤ੍ਰਿੰਗ ਕਮੇਟੀ ਦੇ ਕਈ ਮਤੇ ਪਾਸ ਕਰਕੇ ਸਰਕਾਰਾਂ ਤੋਂ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਕੀਤੀ ਹੈ, ਪਰ ਦੁੱਖ ਦੀ ਗੱਲ ਹੈ ਕਿ ਸਰਕਾਰਾਂ ਇਸ ਸੰਜੀਦਾ ਮਸਲੇ ਉੱਪਰ ਧਿਆਨ ਨਹੀਂ ਦੇ ਰਹੀਆਂ। ਉਨ੍ਹਾਂ ਸਵਾਲ ਕੀਤਾ ਕਿ ਸਰਕਾਰਾਂ ਇਹ ਦੱਸਣ ਕਿ ਕੀ ਅਜਿਹੇ ਕਾਨੂੰਨ ਦੇ ਬਣਨ ਨਾਲ ਦੇਸ਼ ਅਤੇ ਸਮਾਜ ਨੂੰ ਕੋਈ ਖਤਰਾ ਪੈਦਾ ਹੋਵੇਗਾ ਜਾਂ ਦੇਸ਼ ਅੰਦਰ ਭਾਈਚਾਰਕ ਸਾਂਝ ਅਤੇ ਸਦਭਾਵਨਾ ਕਾਇਮ ਹੋਵੇਗੀ ? ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਦੋਂ 1947 ਵਿੱਚ ਭਾਰਤ ਬਰਤਾਨਵੀ ਸ਼ਾਸਨ ਤੋਂ ਅਜ਼ਾਦ ਹੋਇਆ ਸੀ ਤਾਂ ਉਸ ਵੇਲੇ ਇਹ ਸਭ ਨੂੰ ਪਤਾ ਸੀ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਹਰ ਸਿੱਖ ਦੇ ਜੀਵਨ ਵਿੱਚ ਕੀ ਸਥਾਨ ਹੈ, ਇਸ ਲਈ ਚਾਹੀਦਾ ਤਾਂ ਇਹ ਸੀ ਕਿ ਜਦੋਂ ਦੇਸ਼ ਦਾ ਸੰਵਿਧਾਨ ਲਿਖਿਆ ਗਿਆ ਤਾਂ ਉਸੇ ਵੇਲੇ ਇਸ ਗੱਲ ਨੂੰ ਧਿਆਨ ਵਿੱਚ ਰੱਖਦੇ ਹੋਏ ਕਾਨੂੰਨ ਬਣਦਾ। ਉਨ੍ਹਾਂ ਕਿਹਾ ਕਿ ਕਿਉਂਕਿ ਹਰ ਧਰਮ ਦੀਆਂ ਆਪਣੀਆਂ ਮਾਨਤਾਵਾਂ ਅਤੇ ਸਰੋਕਾਰ ਹੁੰਦੇ ਹਨ, ਜਿਨ੍ਹਾਂ ਨੂੰ ਇੱਕ ਸਮਾਨ ਰੂਪ ਵਿੱਚ ਨਹੀਂ ਦੇਖਿਆ ਜਾਣਾ ਚਾਹੀਦਾ।

ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਕਿਹਾ ਕਿ ਇਸ ਲਈ ਇਹ ਜ਼ਰੂਰੀ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਵਿੱਚ ਵਿਸ਼ੇਸ਼ ਤੇ ਵੱਖਰਾ ਕਾਨੂੰਨ ਬਣੇ, ਜਿਸ ਵਿੱਚ ਦੋਸ਼ੀ ਵਿਅਕਤੀ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਦੀ ਵਿਵਸਥਾ ਹੋਵੇ। ਉਨ੍ਹਾਂ ਇਹ ਵੀ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ-ਨਾਲ ਬਾਕੀ ਧਰਮਾਂ ਦੇ ਪਵਿੱਤਰ ਗ੍ਰੰਥਾਂ ਬਾਰੇ ਵੀ ਉਨ੍ਹਾਂ ਧਰਮਾਂ ਦੀਆਂ ਭਾਵਨਾਵਾਂ ਦੇ ਅਨੁਕੂਲ ਕਾਨੂੰਨੀ ਵਿਵਸਥਾ ਹੋਣੀ ਚਾਹੀਦੀ ਹੈ, ਜੋ ਯਕੀਨੀ ਬਣਾਏ ਕਿ ਕਿਸੇ ਧਰਮ ਦੀ ਆਸਥਾ ਨੂੰ ਕੋਈ ਸੱਟ ਮਾਰਨ ਦੀ ਹਿੰਮਤ ਨਾ ਕਰ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਵਕਫ਼ ਕਾਨੂੰਨ 'ਚ ਕੀਤੀਆਂ ਸੋਧਾਂ ਗੈਰ-ਸੰਵਿਧਾਨਕ ਤੇ ਗੈਰ-ਜਮਹੂਰੀ ਹਨ : ਸਲੇਮਪੁਰ



ਧੂਰੀ ( ਰਣਜੀਤ ਸਿੰਘ ਪੇਧਨੀ ) ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵਲੋਂ ਵਕਫ ਕਾਨੂੰਨ ਵਿਚ ਕੀਤੀਆਂ ਸੋਧਾਂ ਨੂੰ ਗੈਰ ਸੰਵਿਧਾਨਕ ਤੇ ਗੈਰ ਜਮਹੂਰੀ ਕਰਾਰ ਦਿੰਦਿਆਂ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਟਰਾਂਸਪੋਰਟ ਵਿੰਗ ਦੇ ਸੂਬਾ ਪ੍ਰਧਾਨ ਸ, ਹਰਬੰਸ ਸਿੰਘ ਸਲੇਮਪੁਰ ਨੇ ਕਿਹਾ ਇਸ ਨਾਲ ਨਾ ਸਿਰਫ਼ ਮੁਸਲਿਮ ਭਾਈਚਾਰੇ ਲਈ ਨਹੀਂ ਬਲਕਿ ਮੁਲਕ ਦੇ ਸਾਰੇ ਘੱਟ ਗਿਣਤੀ ਭਾਈਚਾਰਿਆਂ ਵਿਚ ਬੇਭਰੋਸਗੀ, ਬੇਗਾਨਗੀ ਅਤੇ ਅਸੁਰੱਖਿਆ ਦੀ ਭਾਵਨਾ ਵਧੇਗੀ ਜਿਸ ਨਾਲ ਦਾ ਵਿਚ ਭਾਈਚਾਰਕ ਸਾਂਝ ਦੀ ਥਾਂ ਨਫ਼ਰਤ ਪੈਦਾ ਹੋਵੇਗੀ। ਉਨ੍ਹਾਂ ਕਿਹਾ ਕਿ ਧਾਰਮਿਕ ਅਸਥਾਨਾਂ ਅਤੇ ਇਸ ਨਾਲ ਜੁੜੀਆਂ ਜਾਇਦਾਦਾਂ ਦੀ ਸਾਂਭ ਸੰਭਾਲ ਕਰਨ ਦਾ ਅਧਿਕਾਰ ਕੇਦਰ ਨੇ ਆਪਣੇ ਕੋਲ ਲੈ ਲਿਆ ਹੈ। ਜਿਸ ਨੂੰ ਮੋਦੀ ਸਰਕਾਰ ਨੇ ਵਕਫ ਬੋਰਡਾਂ ਵਿਚ ਗੈਰ ਮੁਸਲਿਮ ਮੈਂਬਰਾਂ ਦੀ ਨਾਮਜ਼ਾਦਗੀ ਦਾ ਰਾਹ ਖੋਲ੍ਹ ਲਿਆ ਹੈ। ਉਹਨਾਂ ਕਿਹਾ ਕਿ ਸਰਕਾਰੀ ਦਖ਼ਲਅੰਦਾਜੀ ਵਧਣ ਨਾਲ ਬੋਰਡ ਵਿਚ ਨਿਯੁਕਤੀਆਂ ਯੋਗਤਾ ਦੀ ਬਜਾਏ ਰਾਜਨੀਤਿਕ ਆਧਾਰ 'ਤੇ ਕਰਨਗੀਆਂ। ਜਿਸ ਨਾਲ ਇਹਨਾਂ ਜਾਇਦਾਦਾ ਦੀ ਵਰਤੋਂ ਮੁਸਲਿਮ ਭਾਈਚਾਰੇ ਦੀ ਭਲਾਈ ਦੀ ਥਾਂ ਸਿਆਸੀ ਮੁਫਾਦਾਂ ਲਈ ਕੀਤੀ ਜਾਵੇਗੀ।

# ਆਓ ਇਨ੍ਹਾਂ ਤਿਉਹਾਰਾਂ ਦੀ ਗਰਿਮਾ ਛੁਪੇ ਹੋਏ ਗੂੰਜ ਜ਼ੋ ਚੰਗੇ ਵਧੀਆ ਸਰਵਪੱਖੀ ਵਿਕਾਸ ਵੱਲ ਜਾਣ ਦੀ ਲੋੜ ਹੈ—ਪੀ. ਸੀ. ਕੁਮਾਰ



ਫ਼ਿਰੋਜ਼ਪੁਰ, 5 ਅਪ੍ਰੈਲ (ਮਨੋਹਰ ਲਾਲ) :— ਸਿਹਤ, ਸਿੱਖਿਆ, ਧਾਰਮਿਕ, ਸਮਾਜਿਕ ਅਦਾਰਿਆਂ ਵਿਚ ਚਰਿਤਰਾਹੀਨਤਾ ਦਾ ਦਿਨੋ—ਦਿਨ ਪਣਪਣਾ ਸਾਡੇ ਰਖੜੀ, ਟਿੱਕਾ, ਕੰਚਕਾਂ, ਭਈਆ ਦੂਜ਼ ਆਦਿ ਇਕ ਰਸਮੀ ਬਨ ਕੇ ਰਹਿ ਗਿਆ ਹੈ। ਇਸ ਸਬੰਧੀ ਵਿਚਾਰ ਸਾਂਝੇ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਆਪਣੀ ਨੌਕਰੀ ਤੋਂ ਫਾਰਗ ਹੋਣ ਮਗਰੋਂ ਇਕ ਤਲਖ ਤਜਰਬੇ ਤੇ ਰੋਜ਼ਾਨਾ ਸਰਕਾਰੀ, ਅਰਧ ਸਰਕਾਰੀ, ਪ੍ਰਾਈਵੇਟ ਅਦਾਰਿਆਂ ਵਿਚ ਰੋਜ਼ਾਨਾ ਵਿਚਾਰਦੇ ਹੋਏ ਪੱਤਰਕਾਰਾਂ ਨਾਲ ਰੂਬਰੂ ਹੁੰਦੇ ਤੇ ਅਮਲੀ ਰੂਪ ਵਿਚ ਬਚਿਆਂ ਨੂੰ ਸਰੀਰਕ, ਮਾਨਸਿਕ, ਸਮਾਜਿਕ, ਧਾਰਮਿਕ, ਰਾਜਨੀਤਕ ਘਟਨਾਵਾਂ ਆਚਰਨਹੀਣਤਾ ਦੀਆਂ ਹੋ ਰਹੀਆਂ ਇਨ੍ਹਾਂ ਵਾਰਦਾਤਾਂ ਪਿਛੇ ਸਭ ਤੋਂ ਵੱਡਾ ਤੇ ਖਤਰੇ ਦੀ ਘੰਟੀ ਪਰਿਵਾਰ, ਸਮਾਜ, ਦੇਸ਼ ਵਿਚ ਆਚਰਨਹੀਣਤਾ ਦਾ ਬਚਿਆਂ ਵਿਚ ਹੀ ਟੀਚਰਾਂ ਧਾਰਮਿਕ, ਰਾਜਨੀਤਕ ਅਦਾਰਿਆਂ ਵਿਚ ਨੈਤਿਕ ਕਦਰਾਂ—ਕੀਮਤਾਂ ਆਪਸੀ ਭਾਈਚਾਰਾ ਨਸ਼ਿਆਂ ਦੇ ਨਾਲ ਟੋਕਸੀਕੇਡਟ ਭੋਜਣ ਅਸਲੀਲਤਾ ਇਨ੍ਹਾਂ ਮਾਸ ਮੀਡੀਆ ਟੀ.ਵੀ ਮੋਬਾਇਲ ਤੇ ਇਨ੍ਹਾਂ ਉਪਰ ਲਿਖੇ ਤਿਉਹਾਰ ਰਵਾਇਤੀ ਇਨ੍ਹਾਂ ਤਿਉਹਾਰਾਂ ਦੀ ਗਰਿਮਾ ਨੂੰ ਧੱਬਾ ਲਗਾ ਹੀ ਨਹੀਂ ਲੱਗਾ ਤੇ ਵੱਧ ਰਿਹਾ ਹੈ, ਜ਼ੋ ਖੁਦ ਅਸੀਂ ਇਨ੍ਹਾਂ ਤਿਉਹਾਰਾਂ ਦੀ ਗਰਿਮਾ ਨੂੰ ਬਚਾਉਣ ਦੀ ਥਾਂ ਘਟਾ ਕੇ ਆਪਣੇ ਜੂਲਮ ਕੱਢ ਰਹੇ ਹਾਂ, ਜਿਸ ਦਾ ਬੰਦ ਹੋਣਾ ਜ਼ਰੂਰੀ ਹੈ।

# ਸ਼ਹੀਦ ਜਨਰਲ ਲਾਭ ਸਿੰਘ ਸ਼ਹੀਦ ਮਨਬੀਰ ਸਿੰਘ ਚਹੇੜੂ ਨਾਲ ਬਚਪਨ ਤੋਂ ਸਾਈਕਲ ਤੇ ਸੇਵਾ ਕਰਨ ਵਾਲੇ ਸਿੰਘ ਭੰਗੂ ਵਿਰੁੱਧ ਏਜੰਸੀਆਂ ਦੇ ਕਹਿਣ ਤੇ ਬਿਆਨਬਾਜੀ ਕਰਨ ਵਾਲੇ ਮਜੀਠੀਆ ਕਲੇਰ ਬਾਜ ਆ ਜਾਣ—ਭਾਈ ਗੁਰਨਾਮ ਸਿੰਘ ਬੰਡਾਲਾ ਦਮਦਮੀ ਟਕਸਾਲ



**ਫ਼ਿਰੋਜ਼ਪੁਰ, 5 ਅਪ੍ਰੈਲ (ਮਨੋਹਰ ਲਾਲ) :—** ਸ਼ਹੀਦ ਜਨਰਲ ਲਾਭ ਸਿੰਘ ਸ਼ਹੀਦ ਮਨਬੀਰ ਸਿੰਘ ਚਹੇੜੂ ਨਾਲ ਬਚਪਨ ਤੋਂ ਸਾਈਕਲ ਤੇ ਸੇਵਾ ਕਰਨ ਵਾਲੇ ਸਿੰਘ ਭੰਗੂ ਵਿਰੁੱਧ ਏਜੰਸੀਆਂ ਦੇ ਕਹਿਣ ਤੇ ਬਿਆਨਬਾਜੀ ਅਤੇ ਝੂਠੀ ਅਤੇ ਬੇਬੁਨਿਆਦ ਵੀਡੀਓ ਪਾਉਣ ਵਾਲੇ ਮਜੀਠੀਆ ਅਤੇ ਕਲੇਰ ਬਾਜ ਆ ਜਾਣ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਗੁਰਨਾਮ ਸਿੰਘ ਬੰਡਾਲਾ ਦਮਦਮੀ ਟਕਸਾਲ ਨੇ ਇਸ ਦੀ ਪੁਰਜ਼ੋਰ ਸ਼ਬਦਾਂ ਵਿਚ ਨਿੰਦਿਆ ਕਰਦਿਆਂ ਆਖਿਆ ਕਿ ਸ: ਜਤਿੰਦਰ ਸਿੰਘ ਭੰਗੂ ਦੀ ਜਿਹੜੀ ਸਿੱਖ ਪੰਥ ਵਿਚ ਕੁਰਬਾਨੀ ਹੈ, ਕਦੇ ਵੀ ਭੁਲਾਈ ਨਹੀਂ ਜਾ ਸਕਦੀ। ਛੋਟੇ ਹੁੰਦਿਆਂ ਵੀ ਉਹ ਸਾਈਕਲ ਤੇ ਪੜਨ ਜਾਂਦੇ ਅਤੇ ਆਪਣੇ ਸਾਥੀਆਂ ਨਾਲ ਮਿਲ ਕੇ ਸਾਈਕਲ ਤੇ ਹੀ ਸੇਵਾ ਕਰਦੇ ਸੀ ਅਤੇ ਆਪਣੀ ਮਿਹਨਤ ਨਾਲ ਪੜ ਕੇ ਅੱਜ ਵੱਡੇ—ਵੱਡੇ ਅਹੁਦੇ ਤੇ ਪਹੁੰਚੇ ਹਨ, ਜ਼ੋ ਕਿ ਮਜੀਠੀਆ ਅਤੇ ਕਲੇਰ ਤੋਂ ਜਰਿਆ ਨਹੀਂ ਗਿਆ। ਭਾਈ ਗੁਰਨਾਮ ਸਿੰਘ ਬੰਡਾਲਾ ਨੇ ਅੱਗੇ ਦੱਸਿਆ ਕਿ ਮਜੀਠੀਆ ਅਤੇ ਦਲੇਰ ਆਪਣੀ ਪੀੜੀ ਥੱਲੇ ਸੋਟਾ ਮਾਰਨ ਕਿ ਅਸੀਂ ਕਿੰਨੇ ਕੁ ਧੋਤੇ ਧੋਤੇ ਹਾਂ, ਕਿਸੇ ਤੇ ਉਂਗਲ ਚਾਨਣ ਤੋਂ ਪਹਿਲਾਂ ਆਪਣੇ ਵੱਲ ਲਾਤੀ ਮਾਰੋ ਕਿ ਅਸੀਂ ਕਿਥੇ ਖੜ੍ਹੇ ਹਾਂ। ਸ: ਜਤਿੰਦਰ ਸਿੰਘ ਭੰਗੂ ਇਕ ਦਿਲ ਦਾ ਸਾਫ ਇਨਸਾਨ ਹੈ ਅਤੇ ਹਰ ਕਿਸੇ ਗੁਰਸਿੱਖ ਅਤੇ ਮਹਾਂਪੁਰਸ਼ ਦੀ ਹੱਥੀਂ ਸੇਵਾ ਕਰਦੇ ਹਨ ਅਤੇ ਹਰ ਵੱਡੇ—ਵੱਡੇ ਸਮਾਗਮਾਂ ਵਿਚ ਮਹਾਂਪੁਰਸ਼ਾਂ ਦੀ ਅਤੇ ਸੰਗਤ ਦੀ ਹੱਥੀਂ ਸੇਵਾ ਕਰਕੇ ਵੇਖੇ ਜਾਂਦੇ ਹਨ। ਇਸ ਤੋਂ ਇਲਾਵਾ ਉਹ ਸੁਲਝੇ ਇਨਸਾਨ ਹਨ। ਭਾਈ ਗੁਰਨਾਮ ਸਿੰਘ ਬੰਡਾਲਾ ਨੇ ਮਜੀਠੀਆ ਅਤੇ ਕਲੇਰ ਨੂੰ ਕਿਹਾ ਕਿ ਉਹ ਬਾਜ ਆ ਜਾਣ ਅਤੇ ਜਿਹੜੀਆਂ ਝੂਠੀਆਂ ਅਤੇ ਬੇਬੁਨਿਆਦ ਵੀਡੀਓ ਪਾਈਆਂ ਹਨ, ਉਸ ਬਾਰੇ ਸਿੱਖ ਪੰਥ ਅਤੇ ਸਿੱਖ ਸੰਗਤ ਆਪਣੇ ਵਿਚਾਰ ਦੇਵੇ ਕਿ ਇਹ ਸ਼੍ਰੋਮਣੀ ਅਕਾਲੀ ਦਲ ਨੂੰ ਬਦਨਾਮ ਕਰਨ ਦੀ ਕੋਈ ਕਸਰ ਨਹੀਂ ਛੱਡ ਰਹੇ। ਸ਼੍ਰੋਮਣੀ ਅਕਾਲੀ ਦਲ ਬਾਦਲ ਤਾਂ ਪਹਿਲਾਂ ਵੀ ਬਹੁਤ ਬਦਨਾਮ ਹੋ ਚੁੱਕਾ ਹੈ, ਉਸ ਨੂੰ ਬਦਨਾਮ ਕਰੇ।

### ਬਲਾਕ ਜਗਰਾਉਂ ਦੇ ਚਾਰ ਅਧਿਆਪਕ ਮਿਹਨਤੀ ਅਤੇ

# ਸੁਹਿਰਦ ਅਧਿਆਪਕ ਐਵਾਰਡ ਨਾਲ ਕੀਤੇ ਗਏ ਸਨਮਾਨਿਤ




ਆਵਾਜ਼ਿ ਕੌਮ AWAZE QAUM International Newspaper & WEB TV

ਜਗਰਾਉਂ -(ਵਰਿਆਮ ਹਠੂਰ) ਜ਼ਿਲ੍ਹਾ ਸਿੱਖਿਆ ਅਫ਼ਸਰ ਸ਼੍ਰੀ ਮਤੀ ਰਵਿੰਦਰ ਕੌਰ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸ਼੍ਰੀ ਮਨੋਜ ਕੁਮਾਰ ਵੱਲੋਂ ਬਲਾਕ ਜਗਰਾਉਂ ਦੇ ਚਾਰ ਅਧਿਆਪਕਾਂ ਨੂੰ ਮਿਹਨਤੀ ਅਤੇ ਸੁਹਿਰਦ ਅਧਿਆਪਕ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ, ਜਿਸ ਵਿੱਚ ਸਤਨਾਮ ਸਿੰਘ ਸਰਕਾਰੀ ਪ੍ਰਾਇਮਰੀ ਸਕੂਲ ਮਲਕ, ਹਰਪ੍ਰੀਤ ਸਿੰਘ ਕੋਠੇ ਸਮਸ਼ੇ, ਸ਼੍ਰੀ ਮਤੀ ਸੁਰਿੰਦਰ ਕੌਰ ਸਰਕਾਰੀ ਪ੍ਰਾਇਮਰੀ ਸਕੂਲ ਡੱਲਾ, ਸ਼੍ਰੀ ਮਤੀ ਰੰਜੂ ਬਾਲਾ ਹੈੱਡ ਟੀਚਰ ਸਰਕਾਰੀ ਪ੍ਰਾਇਮਰੀ ਸਕੂਲ ਅਗਵਾੜ ਲੋਪੋ ਬਰਾਂਚ ਨੂੰ ਸਨਮਾਨਿਤ ਕੀਤਾ।

ਇਸ ਮੌਕੇ ਸਤਨਾਮ ਸਿੰਘ ਹਠੂਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ ਸ਼੍ਰੀ ਮਤੀ ਰਵਿੰਦਰ ਕੌਰ ਵੱਲੋਂ ਹਰ ਬਲਾਕ ਚ ਚਾਰ ਅਧਿਆਪਕ ਚੁਣੇ ਗਏ ਸਨ, ਜਿਹਨਾਂ ਨੂੰ ਜ਼ਿਲ੍ਹਾ ਪੱਧਰ ਤੇ ਪਿਛਲੇ ਦਿਨੀ ਸਨਮਾਨਿਤ ਕੀਤਾ ਗਿਆ।

ਬਲਾਕ ਪੱਧਰ ਤੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸ. ਸੁਖਦੇਵ ਸਿੰਘ ਹਠੂਰੀਆ ਦੀ ਅਤੇ ਸਮੁੱਚੇ ਬਲਾਕ ਦੇ ਸੈਂਟਰ ਹੈੱਡ ਟੀਚਰ ਰਾਹੀਂ ਇਹ ਨਾਮ ਜ਼ਿਲ੍ਹੇ ਨੂੰ ਭੇਜੇ ਗਏ ਸਨ। ਜਿਹਨਾਂ ਵਿੱਚ ਇਹਨਾਂ ਚਾਰ ਅਧਿਆਪਕਾਂ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਮੈਰੀਟੋਰੀਅਸ ਸਕੂਲ ਲੁਧਿਆਣਾ ਵਿੱਚ ਰੱਖੇ ਪ੍ਰੋਗਰਾਮ ਵਿੱਚ ਮਿਹਨਤੀ ਅਤੇ ਸੁਹਿਰਦ ਅਧਿਆਪਕ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਹਨਾਂ ਸਨਮਾਨਿਤ ਅਧਿਆਪਕਾਂ ਨੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸ. ਸੁਖਦੇਵ ਸਿੰਘ ਹਠੂਰੀਆ ਅਤੇ ਸਮੂਹ ਸੈਂਟਰ ਹੈੱਡ ਟੀਚਰ ਦਾ ਧੰਨਵਾਦ ਕੀਤਾ। ਸ. ਸਤਨਾਮ ਸਿੰਘ ਹਠੂਰ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਇਹਨਾਂ ਸਨਮਾਨਾਂ ਨਾਲ ਤੁਹਾਡੇ ਕੰਮ ਨੂੰ ਹੋਰ ਵੱਧ ਪਹਿਚਾਣ ਮਿਲਦੀ ਹੈ ਅਤੇ ਜਿੰਮੇਵਾਰੀ ਦਾ ਸੰਚਾਰ ਹੁੰਦਾ ਹੈ।ਇਸ ਨਾਲ ਸਾਡੀ ਕਿੱਤੇ ਪ੍ਰਤੀ ਜਿੰਮੇਵਾਰੀ ਹੋਰ ਵੱਧ ਜਾਂਦੀ ਹੈ ਅਤੇ ਅਸੀਂ ਹੋਰ ਲਗਨ ਅਤੇ ਭਾਵਨਾ ਨਾਲ ਕੰਮ ਕਰਦੇ ਹਾਂ।

# ਦੋ ਰੋਜ਼ਾ ਸਨਾਵਰ ਮਿਲਟਰੀ ਲਿਟਰੇਚਰ ਫੈਸਟੀਵਲ ਹੋਇਆ ਸਮਾਪਤ

**ਚੌਕ ਮਹਿਤਾ, 5 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਚੰਡੀਗੜ੍ਹ ਨੇੜੇ ਲਾਰੈਂਸ ਸਕੂਲ, ਸਨਾਵਰ ਵਿਖੇ ਆਯੋਜਿਤ ਦੋ-ਰੋਜ਼ਾ ਸਨਾਵਰ ਮਿਲਟਰੀ ਲਿਟਰੇਚਰ ਫੈਸਟੀਵਲ ਇੱਕ ਪ੍ਰੇਰਨਾਦਾਇਕ ਮਾਹੌਲ ਵਿੱਚ ਸਮਾਪਤ ਹੋਇਆ। ਸਮਾਪਤੀ ਵਾਲੇ ਦਿਨ, ਪੱਛਮੀ ਕਮਾਂਡ ਹੈੱਡਕੁਆਰਟਰ ਦੇ ਚੀਫ਼ ਆਫ਼ ਸਟਾਫ਼, ਲੈਫਟੀਨੈਂਟ ਜਨਰਲ ਮੋਹਿਤ ਵਧਵਾ (ਸੈਨਾ ਮੈਡਲ) ਨੇ ਵਿਦਿਆਰਥੀਆਂ ਨੂੰ ਆਪਣੇ ਜੀਵਨ ਵਿੱਚ ਅਨੁਸ਼ਾਸਨ, ਹਿੰਮਤ ਅਤੇ ਉਦੇਸ਼ ਦੀ ਭਾਵਨਾ ਅਪਣਾਉਣ ਦਾ ਸੰਦੇਸ਼ ਦਿੱਤਾ। ਬਾਰਨ

ਆਵਾਜ਼ਿ ਕੌਮ AWAZE QAUM International Newspaper & WEB TV

ਹਾਲ ਵਿਖੇ ਵਿਦਿਆਰਥੀਆਂ, ਅਧਿਆਪਕਾਂ, ਲੇਖਕਾਂ, ਫੌਜੀ ਸਾਬਕਾ ਸੈਨਿਕਾਂ ਅਤੇ ਸਾਹਿਤ ਪ੍ਰੇਮੀਆਂ ਨਾਲ ਭਰੇ ਇੱਕ ਆਡੀਟੋਰੀਅਮ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਕਿਹਾ ਕਿ ਇਹ ਤਿਉਹਾਰ ਜੰਗਾਂ ਦੀਆਂ ਕਹਾਣੀਆਂ ਤੱਕ ਸੀਮਤ ਨਹੀਂ ਹੈ ਬਲਕਿ ਇਹ ਸਾਡੇ ਸੈਨਿਕਾਂ ਦੀ ਬੇਮਿਸਾਲ ਹਿੰਮਤ ਅਤੇ ਰਾਸ਼ਟਰ ਦੀ ਆਤਮਾ ਨੂੰ ਦਰਸਾਉਂਦਾ ਹੈ। ਲਾਰੈਂਸ ਸਕੂਲ ਦੀ ਸ਼ਾਨਦਾਰ ਵਿਰਾਸਤ ਨੂੰ ਉਜਾਗਰ ਕਰਦੇ ਹੋਏ, ਉਨ੍ਹਾਂ ਕਿਹਾ ਕਿ ਅੱਜ, ਦੇਸ਼ ਨੂੰ ਅਜਿਹੇ ਨੌਜਵਾਨ ਦਿਮਾਗਾਂ ਦੀ ਲੋੜ ਹੈ ਜੋ ਨਾ ਸਿਰਫ਼ ਅਕਾਦਮਿਕ ਤੌਰ 'ਤੇ ਸਮਰੱਥ ਹੋਣ, ਸਗੋਂ ਕਦਰਾਂ-ਕੀਮਤਾਂ, ਇਮਾਨਦਾਰੀ ਅਤੇ ਸੇਵਾ ਦੀ ਭਾਵਨਾ ਨਾਲ ਵੀ ਭਰਪੂਰ ਹੋਣ। ਫੌਜ ਅਤੇ ਵਿਦਿਆਰਥੀ ਜੀਵਨ ਵਿੱਚ ਸਮਾਨਤਾਵਾਂ ਦਰਸਾਉਂਦੇ ਹੋਏ, ਉਨ੍ਹਾਂ ਨੇ ਲਗਨ, ਲੀਡਰਸ਼ਿਪ ਅਤੇ ਲਚਕੀਲੇਪਣ ਵਰਗੇ ਗੁਣਾਂ 'ਤੇ ਜ਼ੋਰ ਦਿੱਤਾ ਅਤੇ ਵਿਦਿਆਰਥੀਆਂ ਨੂੰ ਵਿਕਸਤ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਸਖ਼ਤ ਮਿਹਨਤ ਕਰਨ ਦਾ ਸੱਦਾ ਦਿੱਤਾ।



ਇਸ ਫੈਸਟੀਵਲ ਦੌਰਾਨ ਇੱਕ ਵਿਸ਼ੇਸ਼ ਪੁਸਤਕ ਮੇਲਾ ਵੀ ਲਗਾਇਆ ਗਿਆ, ਜਿਸ ਵਿੱਚ ਫੌਜੀ ਵਿਸ਼ਿਆਂ 'ਤੇ ਆਧਾਰਿਤ ਵੱਖ-ਵੱਖ ਸਾਹਿਤ ਪ੍ਰਦਰਸ਼ਿਤ ਕੀਤਾ ਗਿਆ। ਜੰਗੀ ਵੈਟਰਨ ਕਰਨਲ ਬੌਬੀ ਗ੍ਰੇਵਲ ਨੇ 1971 ਦੀ ਭਾਰਤ-ਪਾਕਿ ਜੰਗ ਦੀ ਬਸੰਤਰ ਲੜਾਈ 'ਤੇ ਇੱਕ ਬਹੁਤ ਹੀ ਪ੍ਰੇਰਨਾਦਾਇਕ ਭਾਸ਼ਣ ਦਿੱਤਾ।

ਇਸ ਤੋਂ ਬਾਅਦ, ਬਸੰਤਰ ਮੈਮੋਰੀਅਲ ਇੰਟਰ-ਸਕੂਲ ਅੰਗਰੇਜ਼ੀ ਭਾਸ਼ਣ ਮੁਕਾਬਲਾ ਅਤੇ ਕਵਿਤਾ ਲਿਖਣ ਮੁਕਾਬਲਾ ਆਯੋਜਿਤ ਕੀਤਾ ਗਿਆ। ਲਾਰੈਂਸ ਸਕੂਲ ਦੀ ਸੀਆ ਸ਼ੁਕਲਾ ਨੇ ਕਵਿਤਾ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਜਦੋਂ ਕਿ ਸਪਰਿੰਗਡੇਲ ਸਕੂਲ, ਅੰਮ੍ਰਿਤਸਰ ਦੇ ਹਿਤੇਨ ਆਹੂਜਾ ਭਾਸ਼ਣ ਮੁਕਾਬਲੇ ਵਿੱਚ ਜੇਤੂ ਰਹੇ। ਸਮਾਪਤੀ ਤੋਂ ਪਹਿਲਾਂ, ਲੈਫਟੀਨੈਂਟ ਜਨਰਲ ਵਾਧਵਾ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਜਨਰਲ ਏਜੇ ਸੰਧੂ ਦੁਆਰਾ ਸੰਕਲਿਤ "ਦ ਲਾਰੈਂਸ ਸਕੂਲ, ਸਨਾਵਰ - ਮਿਲਟਰੀ ਹੈਰੀਟੇਜ 1847-2024" ਸਿਰਲੇਖ ਵਾਲੀ ਕੌਫੀ ਟੇਬਲ ਕਿਤਾਬ ਦੀ ਸਮੀਖਿਆ ਕੀਤੀ, ਜੋ ਸਕੂਲ ਦੀ ਫੌਜੀ ਪਰੰਪਰਾ ਨੂੰ ਦਰਸਾਉਂਦੀ ਹੈ।

ਇਸ ਸਮਾਰੋਹ ਵਿੱਚ ਕਰਨਲ ਪੈਰੀ ਗਰੇਵਾਲ, ਮੇਜਰ ਜਨਰਲ ਕੁਲਪ੍ਰੀਤ ਸਿੰਘ, ਮੁਕੇਸ਼ ਖੇਤਰਪਾਲ, ਬ੍ਰਿਗੇਡੀਅਰ ਏਐਸ ਬੱਲ ਅਤੇ ਹੋਰ ਸਮੇਤ ਕਈ ਫੌਜੀ ਅਧਿਕਾਰੀ ਅਤੇ ਪਤਵੰਤੇ ਮੌਜੂਦ ਸਨ।

# ਢੀਂਗਰਾ ਕਲੋਨੀ ਸਰਪੰਚ ਸਰਬਜੀਤ ਕੌਰ ਵੱਲੋਂ ਗਲੀ ਦਾ ਕੀਤਾ ਉਦਘਾਟਨ



ਆਵਾਜ਼ਿ ਕੌਮ AWAZE QAUM International Newspaper & WEB TV

**ਚੌਕ ਮਹਿਤਾ, 5 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ**)-ਬਲਾਕ ਵੇਰਕਾ ਅਧੀਨ ਪੈਂਦੀ ਮਦਨ ਲਾਲ ਢੀਂਗਰਾ ਕਲੋਨੀ ਰਾਮ ਤੀਰਥ ਰੋਡ ਵਿਖੇ ਬਿਨਾਂ ਕਿਸੇ ਪੱਖਪਾਤ ਦੇ ਪਾਰਟੀਬਾਜੀ ਤੋਂ ਉੱਪਰ ਉੱਠਦਿਆਂ ਵਿਕਾਸ ਕਾਰਜ ਕਰਵਾਏ ਜਾਣਗੇ ਇਹ ਵਿਚਾਰ ਬਲਾਕ ਵੇਰਕਾ ਅਫਸਰ ਲਖਵਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਰਪੰਚ ਸਰਬਜੀਤ ਕੌਰ ਪਤਨੀ ਜਗ ਜੀਵਨ ਸਿੰਘ ਵੱਲੋਂ ਇਟਰਲੋਕਿੰਗ ਟਾਇਲ ਵਾਲੀ ਗਲੀ ਤਿਆਰ ਕਰਵਾ ਕੇ ਉਦਘਾਟਨ ਕੀਤਾ ਗਿਆ ਇਸ ਮੌਕੇ ਮੈਂਬਰ ਅਮਰੀਕ ਸਿੰਘ ਪਲਵਿੰਦਰ ਸਿੰਘ ਹਰਜੀਤ ਕੌਰ ਪ੍ਰਤਾਪ ਸਿੰਘ ਸਮਾਜ ਸੇਵਕ ਹਰਮਨਪ੍ਰੀਤ ਸਿੰਘ ਗੁਰਦੁਆਰਾ ਕਮੇਟੀ ਪ੍ਰਧਾਨ ਬਿਕਰਮਜੀਤ ਸਿੰਘ ਵਿੱਲੋਂ ਇੰਦਰਜੀਤ ਸਿੰਘ ਪੱਲੇਦਾਰ ਬਿੱਲਾ ਬਾਬਾ ਬਲਬੀਰ ਸਿੰਘ ਅੰਬਾ ਸਵਰਨ ਸਿੰਘ ਫੌਜੀ ਸੁਖਵਿੰਦਰ ਸਿੰਘ ਏਐਸਆਈ ਕਰਨਜੀਤ ਸਿੰਘ ਸਤਿਨਾਮ ਸਿੰਘ ਹੀਰਾ ਸਿੰਘ ਜੀਵਨ ਗੁਪਤਾ ਸ਼ੁਕਲਾ ਸ ਮੋਨੂ ਜੋਗਿੰਦਰ ਸਿੰਘ ਬਾਬਾ ਅਵਤਾਰ ਸਿੰਘ ਹਰਪਾਲ ਸਿੰਘ ਲਖਵਿੰਦਰ ਕੌਰ ਆਦਿ ਹਾਜ਼ਰ ਸਨ।

# ਸਿੱਖ ਸੰਘਰਸ਼ ਨੂੰ ਸਮਰਪਿਤ ਸ: ਜਤਿੰਦਰ ਸਿੰਘ ਭੰਗੂ ਬਾਰੇ ਝੂਠੀਆਂ ਵੀਡੀਓ ਪਾਉਣ ਦੀ ਮਜੀਠੀਆ ਅਤੇ ਕਲੇਰ ਦੀ ਪੁਰਜ਼ੋਰ ਸ਼ਬਦਾਂ ਵਿਚ ਨਿੰਦਿਆ ਕਰਦੇ ਹਾਂ—ਬਾਬਾ ਨਿਰਮਲ ਸਿੰਘ ਆਰਿਫਕੇ

ਫ਼ਿਰੋਜ਼ਪੁਰ, 5 ਅਪ੍ਰੈਲ (ਮਨੋਹਰ ਲਾਲ) :— ਸਿੱਖ ਸੰਘਰਸ਼ ਨੂੰ ਸਮਰਪਿਤ ਸ: ਜਤਿੰਦਰ ਸਿੰਘ ਭੰਗੂ ਬਾਰੇ ਝੂਠੀਆਂ ਅਤੇ ਬੇਬੁਨਿਆਦ ਖਬਰਾਂ ਪਾ ਕੇ ਉਨ੍ਹਾਂ ਉਪਰ ਸਟੇਟ ਨੂੰ ਝੂਠੇ ਕੇਸ ਬਣਾਉਣ ਲਈ ਪ੍ਰੇਰਿਆ ਜਾ ਰਿਹਾ ਹੈ, ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਭਾਈ ਨਿਰਮਲ ਸਿੰਘ ਆਰਿਫਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ: ਜਤਿੰਦਰ ਸਿੰਘ ਭੰਗੂ ਇਕ ਬਹੁਤ ਹੀ ਚੰਗੇ ਇਨਸਾਨ ਹਨ ਅਤੇ ਕਦੇ ਵੀ ਕਿਸੇ ਦਾ ਮਾੜਾ ਨਹੀਂ ਸੋਚਿਆ, ਹਮੇਸ਼ਾ ਗਰੀਬ ਲੋਕਾਂ ਦਾ ਭਲਾ ਹੀ ਕੀਤਾ ਹੈ, ਪਰ ਫੇਰ ਵੀ ਮਜੀਠੀਆ ਅਤੇ ਕਲੇਰ ਉਸ ਦੇ ਵੈਰ ਪੈ ਗਏ ਹਨ ਅਤੇ ਝੂਠੀਆਂ ਅਤੇ ਬੇਬੁਨਿਆਦ ਵੀਡੀਓ ਬਣਾ ਕੇ ਉਨ੍ਹਾਂ ਦੇ ਅਕਸ਼ ਨੂੰ ਖਰਾਬ ਕੀਤਾ ਜਾ ਰਿਹਾ ਹੈ, ਪਰ ਮਜੀਠੀਆ ਜੀ ਅਤੇ ਕਲੇਰ ਜੀ ਤੁਸੀਂ ਵੀ ਇਥੇ ਹੋ ਅਤੇ ਮੈਂ ਵੀ ਇਥੇ ਹਾਂ ਕਦੇ ਕਿਸੇ ਦਾ ਬੁਰਾ ਕਰਦੇ ਭਲਾ ਨਹੀਂ ਹੁੰਦਾ, ਹੁਣ ਤਾਂ ਤੁਸੀਂ ਏਜੰਸੀਆਂ ਦੇ ਕਹਿਣ ਤੇ ਝੂਠੀਆਂ ਵੀਡੀਓ ਬਣਾ ਕੇ ਤੁਸੀਂ ਜਤਿੰਦਰ ਸਿੰਘ ਭੰਗੂ ਦਾ ਜ਼ੋ ਬਹੁਤ ਵੱਡਾ ਨੁਕਸਾਨ ਕੀਤਾ ਹੈ, ਬਹੁਤ ਹੀ ਨਿੰਦਰਯੋਗ ਹੈ ਸ: ਜਤਿੰਦਰ ਸਿੰਘ ਭੰਗੂ ਚੜਦੀ ਕਲਾਂ ਵਾਲੇ ਸਖਸ਼ੀਅਤ ਹਨ, ਤੁਹਾਡੀਆਂ ਝੂਠੀਆਂ ਅਤੇ ਬੁਨਿਆਦ ਖਬਰਾਂ ਲੁਆ ਕੇ ਸਿੱਖ ਸੰਗਤਾਂ ਵਿਚ ਤੁਹਾਡਾ ਆਪਣਾ ਹੀ ਨੁਕਸਾਨ ਹੋਇਆ ਹੈ, ਜ਼ੋ ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ। ਇਸ ਸਬੰਧ ਵਿਚ ਅਸੀਂ ਸਾਰੀਆਂ ਜਥੇਬੰਦੀਆਂ ਨੂੰ ਲੈ ਕੇ ਇਕ ਵੱਡਾ ਇਕੱਠ ਕਰਕੇ ਮੁੱਖ ਮੰਤਰੀ ਦੇ ਨਾਮ ਤੇ ਡੀ.ਸੀ ਨੂੰ ਮੰਗ ਪੱਤਰ ਦਿੱਤਾ ਜਾਵੇਗਾ ਅਤੇ ਐਸ.ਜੀ.ਪੀ.ਸੀ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਜਥੇਦਾਰ ਨੂੰ ਮੰਗ ਪੱਤਰ ਦਿੱਤਾ ਜਾਵੇਗਾ। ਬਾਬਾ ਨਿਰਮਲ ਸਿੰਘ ਆਰਿਫਕੇ ਨੇ ਅੱਗੇ ਦੱਸਿਆ ਕਿ ਮਜੀਠੀਆ ਜੀ ਅਤੇ ਕਲੇਰ ਜੀ ਤੁਸੀਂ ਸ਼੍ਰੋਮਣੀ ਅਕਾਲੀ ਨੂੰ ਸਿੱਖ ਪੰਥ ਅਤੇ ਸਿੱਖ ਸੰਗਤਾਂ ਵਿਚ ਬਦਨਾਮ ਕਰ ਰਹੇ ਹੋ ਅਤੇ ਬਦਨਾਮ ਕਰਨ ਵਿਚ ਕੋਈ ਕਸਰ ਨਹੀਂ ਛੱਡੀ, ਜਿਸ ਕਰਕੇ ਲੋਕਾਂ ਦਾ ਤੁਹਾਡਾ ਪ੍ਰਤੀ ਮੋਹ ਭੰਗ ਹੋ ਚੁੱਕਿਆ ਹੈ ਅਜੇ ਵੀ ਵੇਖਾ ਹੈ। ਸ: ਜਤਿੰਦਰ ਸਿੰਘ ਭੰਗੂ ਦੀਆਂ ਜਿਹੜੀਆਂ ਝੂਠੀਆਂ ਵੀਡੀਓ ਬਣਾ ਕੇ ਉਨ੍ਹਾਂ ਨੂੰ ਬਦਨਾਮ ਕੀਤਾ ਹੈ। ਉਨ੍ਹਾਂ ਨੂੰ ਉਨ੍ਹਾਂ ਦੀ ਕੁਰਸੀ ਤੇ ਬਹਾਲ ਤੇ ਬਹਾਲ ਕਰਵਾਇਆ ਜਾਵੇ ਨਹੀਂ ਤਾਂ ਸਿੱਖ ਸੰਗਤਾਂ ਤੁਹਾਨੂੰ ਕਦੇ ਮੁਆਫ ਨਹੀਂ ਕਰਨਗੀਆਂ।



ਆਵਾਜ਼ਿ ਕੌਮ AWAZE QAUM International Newspaper & WEB TV

# ਜੈਨੇਸਿਸ ਅਮਨਦੀਪ ਮਲਟੀਸਪੈਸ਼ਿਲਟੀ ਹਸਪਤਾਲ ਨੇ ਲਾਇਆ ਵਿਸ਼ੇਸ਼ ਜਾਂਚ ਕੈਂਪ

ਫ਼ਿਰੋਜ਼ਪੁਰ, 5 ਅਪ੍ਰੈਲ (ਮਨੋਹਰ ਲਾਲ) :— ਜੇਨੇਸਿਸ ਅਮਨਦੀਪ ਮਲਟੀ—ਸਪੈਸ਼ਲਟੀ ਹਸਪਤਾਲ ਨੇ ਜੌਏ ਆਫ ਹੀਅਰਿੰਗ ਦੇ ਸਹਿਯੋਗ ਨਾਲ ਸੁਣਨ ਅਤੇ ਬੋਲਣ ਦੀਆਂ ਸਮੱਸਿਆਵਾਂ ਵਾਲੇ ਮਰੀਜ਼ਾਂ ਲਈ ਵਿਸ਼ੇਸ਼ ਜਾਂਚ ਅਤੇ ਥੈਰਪੀ ਸੇਵਾਵਾਂ ਦੀ ਸ਼ੁਰੂਆਤ ਕਰਕੇ ਈ.ਐਨ.ਟੀ. ਦੇਖਭਾਲ ਨੂੰ ਨਵੀਂ ਦਿਸ਼ਾ ਦਿੱਤੀ। ਇਨ੍ਹਾਂ ਸੇਵਾਵਾਂ ਦਾ ਉਦਘਾਟਨ ਸੀਨੀਅਰ ਸਿਟੀਜ਼ਨ ਕੌਂਸਲ ਫਿਰੋਜ਼ਪੁਰ ਦੇ ਪ੍ਰਧਾਨ ਸ਼੍ਰੀ ਪੀ.ਡੀ. ਸ਼ਰਮਾ ਨੇ ਕੀਤਾ। ਇਸ ਮੌਕੇ ਤੇ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਅਤੇ ਈ.ਐਨ.ਟੀ. ਡਾ: ਵਿਗਨੇਸ਼ ਏ.ਕੇ. ਵੀ ਮੌਜੂਦ ਸਨ।




ਡਾ: ਅਭਿਸ਼ੇਕ ਅਰੋੜਾ ਨੇ ਕਿਹਾ ਕਿ ਨਵੀਆਂ ਸੇਵਾਵਾਂ ਰਾਹੀਂ ਮਰੀਜ਼ਾਂ ਨੂੰ ਆਧੁਨਿਕ ਆਡੀਓਲੋਜੀ ਜਾਂਚਾਂ ਅਤੇ ਥੈਰਪੀ ਦੀਆਂ ਸਹੂਲਤਾਂ ਮਿਲਣਗੀਆਂ, ਜਿਵੇਂ ਕਿ ਪਿਊਰ ਟੋਨ ਆਡੀਓਮੀਟਰੀ, ਇੰਪੀਡੈਂਸ ਟੈਸਟਿੰਗ, ਟਿਨਾਇਟਸ ਥੈਰਪੀ, ਸਪੀਚ ਥੈਰਪੀ ਅਤੇ ਬਰੇਨਸਟੈਮ ਇਵੋਕਡ ਰਿਸਪੌਂਸ ਆਡੀਓਮੀਟਰੀ ਨਾਲ ਹੀ ਹਸਪਤਾਲ ਵੱਲੋਂ ਮਾਹਰ ਸਲਾਹ ਅਤੇ ਉੱਚ ਗੁਣਵੱਤਾ ਵਾਲੇ ਸੁਣਨ ਵਾਲੇ ਯੰਤਰ (ਹੀਅਰਿੰਗ ਏਡ) ਵੀ ਉਪਲੱਬਧ ਕਰਵਾਏ ਜਾਣਗੇ, ਜਿਸ ਨਾਲ ਇਕੋ ਛੱਤ ਹੇਠ ਪੂਰਾ ਇਲਾਜ ਮਿਲ ਸਕੇਗਾ। ਇਹ ਸੇਵਾਵਾਂ ਸ਼ੁਰੂ ਕਰਨ ਦੇ ਮੌਕੇ ਤੇ ਹਸਪਤਾਲ ਵੱਲੋਂ ਵਿਸ਼ੇਸ਼ ਤੌਰ ਤੇ 1500 ਰੁਪਏ ਮੁੱਲ ਦੇ ਸੁਣਨ ਯੰਤਰ ਦਾ ਮੁਫਤ ਟਰਾਇਲ ਅਤੇ ਫਰੀ ਸੁਣਨ ਦੀ ਜਾਂਚ ਉਪਲੱਬਧ ਕਰਵਾਈ ਗਈ। ਇਹ ਉਪਰਾਲਾ ਉਨ੍ਹਾਂ ਲੋਕਾਂ ਲਈ ਬਹੁਤ ਹੀ ਲਾਭਕਾਰੀ ਹੈ ਜੋ ਸੁਣਨ ਦੀ ਸਮੱਸਿਆ ਨਾਲ ਜੂਝ ਰਹੇ ਹਨ ਅਤੇ ਇਹ ਉਨ੍ਹਾਂ ਦੀ ਜ਼ਿੰਦਗੀ ਦੀ ਗੁਣਵੱਤਾ ਨੂੰ ਬਿਹਤਰ ਬਣਾਉਣ ਵੱਲ ਇਕ ਵੱਡਾ ਕਦਮ ਹੈ। ਗੱਲਬਾਤ ਕਰਦਿਆਂ ਡਾ: ਅਮਨਦੀਪ ਕੌਰ ਡਾਇਰੈਕਟਰ ਅਮਨਦੀਪ ਗਰੁੱਪ ਆਫ ਹਸਪਤਾਲਜ਼ ਨੇ ਕਿਹਾ ਕਿ ਜਦੋਂ ਤੁਸੀਂ ਸੁਣਦੇ ਹੋ ਤਾਂ ਤੁਸੀਂ ਦਿਲ ਨਾਲ ਜੁੜਦੇ ਹੋ ਅਤੇ ਇਹ ਜੁੜਾਵ ਪਰਿਵਾਰ ਅਤੇ ਸਮਾਜ ਤੱਕ ਫੈਲਦਾ ਹੈ। ਅਸੀਂ ਫਿਰੋਜ਼ਪੁਰ ਯੂਨਿਟ ਵਿੱਚ ਸਮਰਪਿਤ ਆਡੀਓਲੋਜੀ ਸੇਵਾਵਾਂ ਸ਼ੁਰੂ ਕਰਕੇ ਇਸ ਜੁੜਾਅ ਨੂੰ ਹੋਰ ਅਸਾਨ ਬਣਾਉਣ ਲਈ ਵਚਨਬੱਧ ਹਾਂ। ਜੌਏ ਆਫ ਹੀਅਰਿੰਗੋ ਨਾਲ ਸਾਂਝ ਇਹ ਸਬੂਤ ਹੈ ਕਿ ਅਸੀਂ ਦਇਆਲੂ ਅਤੇ ਨਵੀਨਤਮ ਸਿਹਤ ਸੇਵਾਵਾਂ ਰਾਹੀਂ ਲੋਕਾਂ ਦੀ ਜ਼ਿੰਦਗੀ ਨਿਖਾਰਦੇ ਰਹਾਂਗੇ।ਆਖ਼ਿਰ ਵਿੱਚ, ਫੈਸਿਲਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਨੇ ਇਹ ਵੀ ਦੱਸਿਆ ਕਿ ਜੇ ਕੋਈ ਵਿਅਕਤੀ ਹਸਪਤਾਲ ਤੋਂ ਸੁਣਨ ਵਾਲੀ ਮਸ਼ੀਨ (ਹੀਅਰਿੰਗ ਏਡ) ਖਰੀਦਦਾ ਹੈ ਤਾਂ ਹਸਪਤਾਲ ਵੱਲੋਂ ਉਸ ਮਸ਼ੀਨ ਦੀ ਸਰਵਿਸ ਅਤੇ ਰਿਪੇਅਰ ਮੁਫ਼ਤ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਗਰੀਬ ਆਦਮੀ ਦੀ ਕਿਤੇ ਸੁਣਵਾਈ ਨਹੀਂ : ਬਜ਼ੁਰਗ ਗਾਇਕ ਸੁੱਚਾ ਸਿੰਘ ਗਿੱਲ ਝੰਜੋਟੀ

**ਚੌਕ ਮਹਿਤਾ, 5 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-'ਗਰੀਬ ਆਦਮੀ ਦੀ ਕਿਤੇ ਵੀ ਸੁਣਵਾਈ ਨਹੀਂ, ਇਹ ਕਹਿੰਦਿਆਂ ਹੋਇਆਂ ਬਜ਼ੁਰਗ ਧਾਰਮਿਕ ਗਾਇਕ ਬਾਪੂ ਸੁੱਚਾ ਸਿੰਘ ਗਿੱਲ ਝੰਜੋਟੀ ਦੀਆਂ ਅੱਖਾਂ ਵਿੱਚ ਅੱਥਰੂ ਆ ਗਏ। ਪਿੰਡ ਦੇ ਹੀ ਕੁਝ ਵਿਅਕਤੀਆਂ ਵੱਲੋਂ ਉਸਦੇ ਪਰਿਵਾਰ ਨਾਲ ਕੀਤੀ ਗਈ ਧੱਕੇਸ਼ਾਹੀ ਬਾਰੇ ਦੱਸਦਿਆਂ ਗਾਇਕ ਸੁੱਚਾ ਸਿੰਘ ਗਿੱਲ ਝੰਜੋਟੀ ਨੇ ਦੱਸਿਆ ਕਿ ਉਸਦੇ ਪੁੱਤਰ ਗੁਰਦੇਵ ਸਿੰਘ ਦੀ ਪਿੰਡ ਦੇ ਕੁਝ ਵਿਅਕਤੀਆਂ ਨੇ ਚੋਰੀ ਦਾ ਝੂਠਾ ਦੋਸ਼ ਲਾ ਕੇ ਬੁਰੀ ਤਰ੍ਹਾਂ ਕੁੱਟਮਾਰ ਕੀਤੀ, ਉਸ ਦੀ ਬਾਂਹ ਤੱਕ ਤੋੜ ਦਿੱਤੀ ਗਈ ਹੈ। ਉਸਦੇ ਕੋਠੇ ਦੀਆਂ ਛੱਤਾਂ ਤੋਂ ਮਿੱਟੀ ਤੱਕ ਲਾਹ ਦਿੱਤੀ ਅਤੇ ਉਸਦੇ ਘਰ ਢਾਉਣ ਦੀ ਵੀ ਕੋਸ਼ਿਸ਼ ਕੀਤੀ ਗਈ। ਉਕਤ ਦੋਸ਼ੀ ਉਸਦੇ ਘਰ ਵਿੱਚੋਂ ਦੋ ਮੰਜੇ, ਇੱਕ ਪੱਖਾ, ਮੋਬਾਇਲ ਫੋਨ ਤੇ ਹੋਰ ਸਮਾਨ ਵੀ ਚੋਰੀ ਕਰਕੇ ਲੈ ਗਏ। ਉਸਦੇ ਘਰ ਦੀ ਤਲਾਸ਼ੀ ਵੀ ਲਈ ਗਈ ਪਰ ਉਸਦੇ ਘਰੋਂ ਕੋਈ ਵੀ ਚੋਰੀ ਦਾ ਸਮਾਨ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਇੰਨੀਂ ਬੇਇਨਸਾਫੀ ਹੋਣ ਤੋਂ ਬਾਅਦ ਉਨ੍ਹਾਂ ਨੇ ਦੋਸ਼ੀਆਂ ਬਿੱਟਾ, ਸੋਨੂੰ, ਰਾਜੂ, ਜਸ਼ਨ, ਕਰਨ, ਪ੍ਰੀਤੀ, ਪ੍ਰੀਆ ਦੇ ਖਿਲਾਫ 28 ਮਾਰਚ ਨੂੰ ਥਾਣਾ ਰਾਜਾਸਾਂਸੀ ਵਿਖੇ ਦਰਖਾਸਤ ਦਿੱਤੀ, ਪਰ ਅੱਜ ਤੱਕ ਵੀ ਕਿਸੇ ਪੁਲਿਸ ਮੁਲਾਜ਼ਮ ਨੇ ਉਨ੍ਹਾਂ ਦੀ ਗੱਲ ਨਹੀਂ ਸੁਣੀ ਅਤੇ ਨਾ ਹੀ ਮੌਕਾ ਵੇਖਣ ਲਈ ਆਏ ਹਨ। ਉਸਨੇ ਕਿਹਾ ਕਿ ਇਸ ਤੋਂ ਇਲਾਵਾ ਉਹ ਪੰਚਾਇਤ ਅਤੇ ਕੋਈ ਪੱਤਰਕਾਰਾਂ ਕੋਲ ਵੀ ਗਿਆ ਪਰ ਕਿਸੇ ਨੇ ਉਸ ਦੀ ਗੱਲ ਵੱਲ ਧਿਆਨ ਨਹੀਂ ਦਿੱਤਾ। ਉਸ ਨੇ ਉੱਚ ਪੁਲਿਸ ਅਧਿਕਾਰੀਆਂ ਪਾਸੋਂ ਦੋਸ਼ੀਆਂ ਵਿਰੁੱਧ ਕਾਰਵਾਈ ਕਰਨ ਅਤੇ ਇਨਸਾਫ਼ ਦੀ ਮੰਗ ਕੀਤੀ ਹੈ। ਇਸ ਸਬੰਧੀ ਦਰਖਾਸਤ ਪ੍ਰਾਪਤ ਕਰਨ ਵਾਲੇ ਪੁਲਿਸ ਮੁਲਾਜ਼ਮ ਨਾਲ ਜਦੋਂ ਫੋਨ ਤੇ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਹ ਛੁੱਟੀ ਦੇ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

ਵਕਫ਼ ਬੋਰਡ ਤੋਂ ਬਾਅਦ

# ਭਾਜਪਾ ਦਾ ਅਗਲਾ ਨਿਸ਼ਾਨਾ ਸ਼੍ਰੋਮਣੀ ਕਮੇਟੀ

**ਭਾਜਪਾ** ਨੇ ਵਕਫ ਬੋਰਡ ਆਪਣੇ ਹੱਥਾਂ ਵਿੱਚ ਕਰ ਲਿਆ ਹੈ। ਇਸ ਤੋਂ ਬਾਅਦ ਭਾਜਪਾ ਦਾ ਅਗਲਾ ਨਿਸ਼ਾਨਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹੈ ਅਤੇ ਇਸ ਲਈ ਤਿਆਰੀਆਂ ਪੂਰੇ ਜ਼ੋਰਾਂ ਤੇ ਹਨ । ਪਹਿਲਾਂ ਹਰਿਆਣਾ ਕਮੇਟੀ, ਦਿੱਲੀ ਕਮੇਟੀ, ਪਟਨਾ ਸਾਹਿਬ, ਹਜ਼ੂਰ ਸਾਹਿਬ ਅਤੇ ਹੁਣ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਭਾਜਪਾ ਆਪਣਾ ਪੂਰਾ ਕਬਜ਼ਾ ਕਰਨਾ ਚਹੁੰਦੀ ਹੈ। ਕਿਸੇ ਮੁਸਲਮਾਨ ਨੇ ਵਕਫ ਬੋਰਡ ਨੂੰ ਪਿੱਠ ਦੇ ਕੇ ਭਾਜਪਾ ਦਾ ਸਾਥ ਨਹੀਂ ਦਿੱਤਾ। ਪਰ ਦਿੱਲੀ ਕਮੇਟੀ, ਹਰਿਆਣਾ ਕਮੇਟੀ, ਪਟਨਾ ਸਾਹਿਬ, ਹਜ਼ੂਰ ਸਾਹਿਬ, ਦੇ ਪ੍ਰਬੰਧਾਂ ਨੂੰ ਸਿੱਖਾਂ ਨੇ ਆਪਣੇ ਹੱਥੀਂ ਭਾਜਪਾ ਦੀ ਝੋਲੀ ਪਾਇਆ ਹੈ। ਉਹ ਕਿਹੜੇ ਸਿੱਖ ਹਨ ਜੋਂ ਭਾਜਪਾ ਦੇ ਸਾਥ ਦੇ ਰਹੇ ਹਨ ਸਭ ਨੂੰ ਪਤਾ ਹੈ। ਕਿਸੇ ਸਮੇਂ ਭਾਜਪਾ ਵਿੱਚ ਮੁਖਤਾਰ ਅੰਬਾਸ ਨਕਵੀ ਅਤੇ ਸ਼ਾਹ ਨਵਾਜ਼ ਹੁਸੈਨ ਦੀ ਤੂਤੀ ਬੋਲਦੀ ਸੀ ਅਤੇ ਭਾਜਪਾ ਨੇ ਇਹਨਾਂ ਨੂੰ ਇਹਨਾਂ ਦੇ ਭਾਈਚਾਰੇ ਦੇ ਵਿਰੋਧ ਵਿੱਚ ਹੀ ਵਰਤਿਆ ਤੇ ਇਸ ਸਮੇਂ ਇਹਨਾਂ ਨੂੰ ਮੱਖਣ ਵਿੱਚੋ ਵਾਲ ਵਾਂਗ ਕੱਢ ਕੇ ਸੁੱਟ ਦਿੱਤਾ। ਜਿਹੜੇ ਸਿੱਖ ਅੱਜ ਕੌਮ ਨੂੰ ਪਿੱਠ ਦੇ ਕੇ ਭਾਜਪਾ ਨਾਲ ਹਨ ਉਹਨਾਂ ਦਾ ਹਾਲ ਸ਼ਾਹ ਨਵਾਜ਼ ਹੁਸੈਨ ਅਤੇ ਮੁਖਤਾਰ ਅੱਬਾਸ ਨਕਵੀ ਤੋਂ ਵੀ ਭੈੜਾ ਹੋਵੇਗਾ ਫਿਰ ਇਹਨਾ ਲੀਡਰਾਂ ਨੂੰ ਸਿੱਖ ਕੌਮ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ

ਅਤੇ ਕੇ ਪੀ ਐਸ ਗਿੱਲ ਦੇ ਬਰਾਬਰ ਰੱਖਿਆ ਕਰੇਗੀ । ਭਾਜਪਾ ਦੇ ਲੋਕ ਤੇ ਸੱਤਾ ਦੇ ਨਸ਼ੇ ਵਿੱਚ ਚੂਰ ਹਨ ਅਤੇ ਆਪਣੇ ਹਿੰਦੂ ਰਾਸ਼ਟਰ ਦੇ ਨਿਸ਼ਾਨੇ ਵੱਲ ਵਧ ਰਹੇ ਹਨ ਪਰ ਇਹਨਾਂ ਭਾਜਪਾਈਆਂ ਦਾ ਸਾਥ ਦੇਣ ਵਾਲੇ ਸਿੱਖਾਂ ਦੀ ਅਕਲ ਤੇ ਕਿਹੜਾ ਪੜਦਾ ਪਿਆ ਹੈ। ਅਮਰੀਕਾ, ਕਨੇਡਾ, ਜਰਮਨੀ ਸਮੇਤ ਹੋਰ ਵੱਡੇ ਮੁਲਖ ਵੱਡੀਆਂ ਸਟੇਜਾ ਤੋਂ ਅਨੇਕਾਂ ਵਾਰ ਬੋਲ ਚੁੱਕੇ ਹਨ ਕਿ ਭਾਰਤ ਵਿੱਚ ਵੱਸਦੇ ਘੱਟ ਗਿਣਤੀਆਂ ਨੂੰ ਬਹੁ ਗਿਣਤੀ ਲੋਕਾਂ ਕੋਲੋਂ ਖਤਰਾ ਹੈ। ਪਰ ਪੱਗਾਂ ਵਿੱਚ ਸਿਰ ਫਸਾਈ ਮੂਰਖ ਲੋਕ ਬਹੁ ਗਿਣਤੀ ਕਾਤਲਾਂ ਦਾ ਭਰਭੂਰ ਸਾਥ ਦੇ ਰਹੇ ਹਨ। ਬਾਹਰਲੇ ਦੇਸ਼ਾਂ ਦੇ ਸਿੱਖ ਅਤੇ ਗੈਰ ਸਿੱਖ ਭਾਰਤ ਵਿੱਚ ਵੱਸਦੇ ਸਿੱਖਾਂ ਲਈ ਫ਼ਿਕਰਮੰਦ ਹਨ ਅਤੇ ਸਮੇਂ ਸਮੇਂ ਤੇ ਸਿੱਖਾਂ ਪ੍ਰਤੀ ਆਪਣੀ ਹਮਦਰਦੀ ਅਤੇ ਚਿੰਤਾ ਜ਼ਾਹਰ ਵੀ ਕਰਦੇ ਰਹਿੰਦੇ ਹਨ । ਜਿਸ ਵੇਲੇ ਭਾਰਤ ਵਿੱਚ ਹਿੰਦੂ ਰਾਸ਼ਟਰ ਦਾ ਕੋਈ ਅਜੰਡਾ ਨਹੀਂ ਸੀ ਉਸ ਸਮੇਂ ਸਾਡਾ ਅਕਾਲ ਤਖ਼ਤ ਅਤੇ ਹੋਰ ਗੁਰੂਦੁਆਰੇ ਢਹਿਢੇਰੀ ਕਰ ਦਿੱਤੇ ਸੀ । ਸਿੱਖ ਨਸਲਕੁਸ਼ੀ ਕਰ ਦਿੱਤੀ ਸੀ । ਅੱਜ ਤੇ ਹਰ ਪਾਸੇ ਹਿੰਦੂ ਰਾਸ਼ਟਰ ਦਾ ਅਜੰਡਾ ਸੈੱਟ ਕਰ ਦਿੱਤਾ ਗਿਆ ਹੈ ਅੱਜ ਹਰ ਹਿੰਦੂਤਵੀ ਹੱਥ ਵਿੱਚ ਹਥਿਆਰ ਫੜ ਕੇ ਸਿੱਖਾਂ ਨੂੰ ਕਤਲ ਕਰਨ ਦੇ ਸੁਪਨੇ ਵੇਖ ਰਹੇ ਹਨ ਹੁਣ ਵਾਲਾ ਸਮਾਂ ਪਿਛਲੇ ਚਾਲੀ ਸਾਲਾਂ ਵਾਲੇ ਸਮੇਂ ਤੋਂ ਬਹੁਤ ਭਿਆਨਕ ਹੈ। ਵਕਫ ਬੋਰਡ ਵਾਲੇ ਮਸਲੇ ਨੂੰ ਲੈ ਕੇ ਮੁਸਲਮਾਨਾਂ ਦੇ ਦਿਲਾਂ ਵਿੱਚ ਬਹੁਤ ਨਰਾਜ਼ਗੀ ਹੈ। ਹੋ ਸਕਦਾ ਆਉਣ ਵਾਲੇ ਦਿਨਾਂ ਵਿੱਚ ਮੁਸਲਮਾਨ ਭਾਈਚਾਰਾ ਵਕਫ ਬੋਰਡ ਬਿੱਲ ਦੇ ਵਿਰੋਧ ਵਿੱਚ ਕੋਈ ਵੱਡਾ ਇਕੱਠ ਕਰੇ। ਹਿੰਦੂ ਰਾਸ਼ਟਰ ਵਾਲੇ ਅੱਤਵਾਦੀ ਇਸੇ ਫ਼ਿਰਾਕ ਵਿਚ ਬੈਠੇ ਹਨ ਕੇ ਮੁਸਲਮਾਨ ਨੇ ਇਕੱਠ ਕਰਨਾ ਅਤੇ ਅਸੀਂ ਗੁਜਰਾਤ 2002 ਤੋਂ ਵੀ ਵੱਡੀ ਘਟਨਾ ਨੂੰ ਅੰਜਾਮ ਦੇਣਾ ਹੈ।






ਮੋਦੀ ਅਤੇ ਸ਼ਾਹ ਦੇ ਮਨਸੂਬੇ ਕਿਸੇ ਤੋਂ ਲੁਕੇ ਨਹੀਂ ਹਨ। ਸਿੱਖਾਂ ਨੂੰ ਆਪਣੇ ਬਚਾਓ ਲਈ ਤਿਆਰ ਰਹਿਣਾ ਚਾਹੀਦਾ ਹੈ। ਇਸ ਤੋਂ ਬਾਅਦ ਵਾਰੀ ਸਿੱਖਾਂ ਦੀ ਆਵੇਗੀ।

**- ਭੁਪਿੰਦਰ ਸਿੰਘ ਛੇ ਜੂਨ**
(ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ)

ਆਵਾਜ਼ਿ ਕੌਮ AWAZE QAUM International Newspaper & WEB TV

# ਬੇਗਮਪੁਰਾ ਟਾਈਗਰ ਫੋਰਸ ਨੇ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਬੰਦ ਪਏ ਆਕਸੀਜਨ ਜਨਰੇਸ਼ਨ ਪਲਾਂਟਾਂ ਨੂੰ ਠੀਕ ਕਰਵਾਉਣ ਲਈ ਦਿੱਤਾ ਮੰਗ ਪੱਤਰ

## ਸਿਵਲ ਹਸਪਤਾਲ ਹੁਸ਼ਿਆਰਪੁਰ ਦੀ ਸੀਨੀਅਰ ਐਸਐਮਓ ਦੀ ਅਣਗਹਿਲੀ ਕਾਰਨ ਵਾਂਝੇ ਹਨ ਹਸਪਤਾਲ ਵਿੱਚ ਆਕਸੀਜਨ ਦੀ ਸੁਵਿਧਾ ਤੋਂ ਮਰੀਜ਼ : ਬੰਟੀ, ਕਲੋਤਾ

**ਹੁਸ਼ਿਆਰਪੁਰ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਫੋਰਸ ਦੇ ਬਲਾਕ ਹਰਿਆਣਾ ਭੂੰਗਾ ਦੇ ਪ੍ਰਧਾਨ ਅਨਿਲ ਕੁਮਾਰ ਬੰਟੀ ਉਪ ਪ੍ਰਧਾਨ ਰਾਹੁਲ ਕਲੋਤਾ ਪ੍ਰਧਾਨਗੀ ਹੇਠ ਨਾਇਬ ਤਹਿਸੀਲਦਾਰ ਰਵਿੰਦਰ ਕੌਰ ਦੇ ਰਾਹੀ ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਨੂੰ ਸਿਵਲ ਹਸਪਤਾਲ ਵਿੱਚ ਕਰੋੜਾਂ ਰੁਪਏ ਨਾਲ ਬਣੇ ਆਕਸੀਜਨ ਜਨਰੇਸ਼ਨ ਪਲਾਂਟ ਨੂੰ ਤੁਰੰਤ ਚਾਲੂ ਕਰਨ ਲਈ ਭੇਜਿਆ ਗਿਆ। ਮੰਗ ਪੱਤਰ ਵਿੱਚ ਉਹਨਾਂ ਕਿਹਾ ਕਿ ਅਜੋਕੇ ਸਮੇਂ ਅੰਦਰ ਸਿਵਲ ਹਸਪਤਾਲ ਹੁਸ਼ਿਆਰਪੁਰ ਅੰਦਰ ਸਿਹਤ ਪ੍ਰਬੰਧ ਰੱਬ ਆਸਰੇ ਹੀ ਚੱਲ ਰਹੇ ਹਨ। ਸਿਵਲ ਹਸਪਤਾਲ ਹੁਸ਼ਿਆਰਪੁਰ ਵਿੱਚ ਦੋ ਆਕਸੀਜਨ ਜਨਰੇਸ਼ਨ ਪਲਾਂਟ ਕਰੋੜਾਂ ਰੁਪਏ ਦੀ ਲਾਗਤ ਨਾਲ ਸਥਾਪਿਤ ਕੀਤੇ ਹੋਏ ਹਨ ਤਾਂ ਜੋ ਹੰਗਾਮੀ ਹਾਲਤ ਵਿੱਚ ਮਰੀਜ਼ਾਂ ਦੀ ਜਾਨ ਬਚਾਉਣ ਲਈ ਤੁਰੰਤ ਜੀਵਨ ਰੱਖਿਆ ਉਪਕਰਨਾਂ ਦੀ ਤੁਰੰਤ ਵਰਤੋਂ ਕੀਤੀ ਜਾ ਸਕੇ। ਇਸ ਮਕਸਦ ਲਈ ਆਕਸੀਜਨ ਪਹੁੰਚਾਉਣ ਲਈ ਸਿਵਲ ਹਸਪਤਾਲ ਦੇ ਸਾਰੇ ਕਮਰਿਆਂ ਵਿੱਚ ਪਾਈਪਾਂ ਰਾਹੀਂ ਸਪਲਾਈ ਦੇਣ ਦਾ ਪ੍ਰਬੰਧ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਬੇਗਮਪੁਰਾ ਟਾਈਗਰ ਫੋਰਸ ਦੀ ਟੀਮ ਵੱਲੋਂ ਇਸ ਆਕਸੀਜਨ ਪਲਾਂਟ ਦੀ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਹਾਸਿਲ ਕਰਨ ਲਈ ਕੀਤੇ ਦੌਰੇ ਦੌਰਾਨ ਇਹ ਵੇਖਿਆ ਗਿਆ ਕਿ ਦੋਵੇਂ ਆਕਸੀਜਨ ਜਨਰੇਸ਼ਨ ਪਲਾਂਟਾਂ ਦੀ ਤਾਲਾਬੰਦੀ ਕੀਤੀ ਹੋਈ ਹੈ ਅਤੇ ਇਹ ਕੰਮ ਕਰਨ ਦੀ ਸਥਿਤੀ ਵਿੱਚ ਨਹੀਂ ਹਨ। ਉਹਨਾਂ ਕਿਹਾ ਕਿ ਪੁੱਛ ਪੜਤਾਲ ਕਰਨ ਤੋਂ ਪਤਾ ਚੱਲਿਆ ਕਿ ਪਿਛਲੇ ਕਰੀਬ ਇੱਕ ਸਾਲ ਤੋਂ ਇਹ ਦੋਵੇਂ ਆਪ ਜੀ ਪਲਾਂਟ ਬੰਦ ਪਏ ਹੋਏ ਹਨ। ਇਹਨਾਂ ਦਾ ਮਰੀਜ਼ਾਂ ਨੂੰ ਕੋਈ ਫਾਇਦਾ ਨਹੀਂ ਹੋ ਰਿਹਾ। ਉਨਾਂ ਦੋਸ਼ ਲਗਾਇਆ ਕਿ ਹੰਗਾਮੀ ਹਾਲਤ ਵਿੱਚ ਜੀਵਨ ਰੱਖਿਅਕ ਉਪਕਰਨ ਦੋਵੇਂ ਆਕਸੀਜਨ ਪਲਾਂਟ ਲੰਬੇ ਸਮੇਂ ਤੋਂ ਵਰਤੋਂ ਵਿੱਚ ਨਾ ਹੋਣ ਕਾਰਨ ਇਹ ਸਿਵਲ ਹਸਪਤਾਲ ਹੁਸ਼ਿਆਰਪੁਰ ਦੇ ਮੌਜੂਦਾ ਪ੍ਰਸ਼ਾਸਕ ਸੀਨੀਅਰ ਐਸ ਐਮ ਓ ਦੀ ਕੇਵਲ ਕਾਰਜਸ਼ਾਲੀ ਹੀ ਨਹੀਂ, ਸਗੋਂ ਉਹਨਾਂ ਦੀ ਪ੍ਰਸ਼ਾਸਨਿਕ ਯੋਗਤਾ ਉੱਪਰ ਵੀ ਸਵਾਲੀਆ ਚਿੰਨ੍ਹ ਲਗਾ ਰਹੇ ਹਨ। ਉਨਾਂ ਮੰਗ ਕੀਤੀ ਕਿ ਲੰਬੇ ਸਮੇਂ ਤੋਂ ਬੰਦ ਪਏ ਇਹਨਾਂ ਆਕਸੀਜਨ ਪਲਾਂਟਾਂ ਨੂੰ ਸਮੇਂ ਸਿਰ ਠੀਕ ਨਾ ਕਰਾਉਣ ਲਈ ਸਿਵਲ ਹਸਪਤਾਲ ਹੁਸ਼ਿਆਰਪੁਰ ਦੇ ਗੈਰ ਜ਼ਿੰਮੇਵਾਰ ਪ੍ਰਸ਼ਾਸਕ ਤੇ ਹੋਰ ਅਧਿਕਾਰੀਆਂ ਨੂੰ ਮੌਜੂਦਾ ਸੀਟ ਤੋਂ ਤੁਰੰਤ ਪ੍ਰਭਾਵ ਨਾਲ ਹਟਾ ਕੇ ਇਹਨਾਂ ਸਭਨਾਂ ਵਿਰੁੱਧ ਸਖਤ ਵਿਭਾਗੀ ਕਾਰਵਾਈ ਅਤੇ ਜੀਵਨ ਰਖਿਅਕ ਕਰਨਾ ਨੂੰ ਠੀਕ ਕਰਾ ਕੇ ਮਰੀਜ਼ਾਂ ਦੀ ਵਰਤੋਂ ਯੋਗ ਵਿੱਚ ਲਿਆਉਣ, ਜੀਵਨ ਰੱਖਿਅਕ ਉਪਕਰਨਾਂ ਦੀ ਚੋਰੀ ਵੱਲ ਲੈ ਜਾਣ ਵਾਲੇ ਹਾਲਾਤਾਂ ਦੀ ਤੁਰੰਤ ਅਤੇ ਪੂਰੀ ਜਾਂਚ ਕਰਕੇ ਦੋਸ਼ੀਆਂ ਵਿਰੁੱਧ ਸਖਤ ਕਾਰਵਾਈ ਅਤੇ ਅਧਿਕਾਰੀਆਂ ਨੂੰ ਉਹਨਾਂ ਦੀ ਗੰਭੀਰ ਲਾਪਰਵਾਹੀ ਲਈ ਜ਼ਿੰਮੇਵਾਰ ਠਹਿਰਾਇਆ ਜਾਵੇ ਅਤੇ ਤੁਰੰਤ ਪ੍ਰਸ਼ਾਸਨ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਰੀਕ ਸਿੰਘ, ਸਤੀਸ਼ ਕੁਮਾਰ ਬਸੀ ਬਾਹਦ, ਮਨਪ੍ਰੀਤ ਕਲੋਤਾ, ਸੁਨੀਲ ਕੁਮਾਰ ਆਦਿ ਹਾਜ਼ਰ ਸਨ !




ਆਵਾਜ਼ਿ ਕੌਮ AWAZE QAUM International Newspaper & WEB TV

# ਆਉਣ ਵਾਲੇ ਸਮੇਂ 'ਚ ਸਾਨੂੰ ਪਾਠੀ ਸਿੰਘ ਲੱਭਣੇ ਔਖੇ ਹੋਣਗੇ : ਸੰਤ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ

ਸੇਰਪੁਰ ( ਰਣਜੀਤ ਸਿੰਘ ਪੇਧਨੀ ) ਪਿਛਲੇ ਲੰਮੇ ਸਮੇਂ ਤੋਂ ਦੇਸ ਵਿਦੇਸ ਦੀ ਧਰਤੀ ਉੱਤੇ ਜਾ ਕੇ ਸੰਗਤਾਂ ਨੂੰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੋੜਨ ਵਾਲੇ ਇਲਾਕੇ ਦੀ ਧਾਰਮਿਕ ਸਖਸ਼ੀਅਤ ਸੰਤ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਵਾਲਿਆਂ ਨੇ ਕਿਹਾ ਕਿ ਆਉਣ ਸਮੇਂ ਵਿਚ ਸਿੱਖ ਕੌਮ ਨੂੰ ਪਾਠੀ ਸਿੰਘਾਂ ਦੀ ਘਾਟ ਮਹਿਸੂਸ ਹੋਵੇਗੀ। ਕਿਉਂਕਿ ਇਸ ਸਮੇਂ ਵਿਚ ਪਾਠੀ ਸਿੰਘਾਂ ਦੇ ਬੱਚੇ ਵੀ ਪਾਠੀ ਬਣਨ ਨੂੰ ਤਿਆਰ ਨਹੀਂ ਹਨ। ਉਨਾਂ ਦੱਸਿਆ ਕਿ ਸਾਡੇ ਗੁਰਦੁਆਰਿਆ ਵਿਚ ਕਈ ਜਗਾ ਤੇ ਪਾਠੀ ਸਿੰਘ ਕੋਲੋ ਬੇਲੋੜੇ ਕੰਮ ਕਰਵਾਏ ਜਾਂਦੇ ਹਨ ਜਦੋਂ ਕਿ ਪਾਠੀ ਸਿੰਘ ਸਿਰਫ ਗੁਰੂ ਦਾ ਵਜ਼ੀਰ ਹੈ। ਉਨ੍ਹਾਂ ਕਿਹਾ ਕਿ ਇਸ ਮੌਕੇ ਪ੍ਰਬੰਧਕਾਂ ਵੱਲੋਂ ਪਾਠੀ ਸਿੰਘ ਨੂੰ ਜੋ ਮਾਇਆ ਦਿੱਤੀ ਜਾਂਦੀ ਹੈ ਉਸ ਨਾਲ ਪਾਠੀ ਸਿੰਘ ਨੂੰ ਆਪਣਾ ਪਰਿਵਾਰ ਪਾਲਣਾ ਔਖਾ ਹੁੰਦਾ ਹੈ। ਇਸ ਲਈ ਸਾਨੂੰ ਪਾਠੀ ਸਿੰਘਾਂ ਦੀ ਤਨਖਾਹ ਪੂਰੀ ਦਿੱਤੀ ਜਾਣੀ ਚਾਹੀਦੀ ਹੈ ਤਾਂ ਜੋ ਉਹ ਆਪਣਾ ਪਰਿਵਾਰ ਸਹੀ ਤਰੀਕੇ ਨਾਲ ਪਾਲ ਸਕੇ। ਜੋ ਪਾਠੀ ਸਵੇਰੇ 4 ਵਜੇ ਤੋਂ ਡਿਊਟੀ ਤੇ ਤਾਇਨਾਤ ਹੋ ਜਾਂਦੀ ਹੈ ਉਸ ਨੂੰ ਸਾਰਾ ਦਿਨ ਗੁਰਦੁਆਰਾ ਸਾਹਿਬ ਵਿਖੇ ਹੀ ਡਿਊਟੀ ਦੇਣੀ ਪੈਂਦੀ ਹੈ ਜੋ ਉਸ ਲਈ ਔਖਾ ਵੀ ਹੈ। ਉਨ੍ਹਾਂ ਸੂਬਾ ਵਾਸੀਆ ਨੂੰ ਅਪੀਲ ਕਰਦਿਆ ਕਿਹਾ ਕਿ ਸ੍ਰੀ ਅਖੰਡ ਪਾਠ ਸਾਹਿਬ, ਸ੍ਰੀ ਸੁਖਮਨੀ ਸਾਹਿਬ ਤੇ ਸਾਹਿਜ ਪਾਠ ਦੀ ਭੇਂਟ ਪਾਠੀ ਨੂੰ ਵਾਜਿਬ ਦਿੱਤੀ ਜਾਣੀ ਚਾਹੀਦੀ ਹੈ। ਸਾਨੂੰ ਹੁਣ ਤੋਂ ਹੀ ਪਾਠੀ ਸਿੰਘ ਤਿਆਰ ਕਰਨ ਲਈ ਬੱਚਿਆ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ। ਉਨਾਂ ਇਹ ਵੀ ਕਿਹਾ ਕਿ ਪਾਠੀ ਸਿੰਘ ਨਿਤਨੇਮੀ ਹੋਵੇ ਸੁਧ ਪਾਠ ਕਰਦਾ ਹੋਵੇ ਤਾ ਜੋ ਉਹ ਆਉਣ ਵਾਲੀ ਪੀੜੀ ਨੂੰ ਵਧੀਆ ਸਿੱਖਿਆ ਪ੍ਰਦਾਨ ਕਰਵਾ ਸਕੇ।



ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਮੁੜ ਸ਼ੁਰੂ ਹੋਣ ਨਾਲ ਗਰੀਬ ਤੇ ਧਾਰਮਿਕ ਆਸਥਾ ਰੱਖਣ ਵਾਲੇ ਲੋਕਾਂ 'ਚ ਖੁਸ਼ੀ ਦੀ ਲਹਿਰ : ਚੇਅਰਮੈਨ ਜਸਪ੍ਰੀਤ ਸਿੰਘ

**ਅੰਮ੍ਰਿਤਸਰ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ ਪੁਰਬ ਮੌਕੇ ਪੰਜਾਬ ਸਰਕਾਰ ਵੱਲੋਂ ਸੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ 16 ਮਹੀਨਿਆ ਦੇ ਬਾਅਦ ਮੁੜ ਸੁਰੂ ਹੋਣ ਨਾਲ ਗਰੀਬ ਤੇ ਆਮ ਵਰਗ ਦੇ ਧਾਰਮਿਕ ਆਸਥਾ ਰੱਖਣ ਵਾਲੇ ਲੋਕਾ ਨੂੰ ਵੱਡਾ ਲਾਹਾ ਮਿਲੇਗਾ ਤੇ ਇਸ ਯੋਜਨਾ ਤਾਹਿਤ ਸਰਕਾਰ 100 ਕਰੋੜ ਦਾ ਫੰਡ ਵੀ ਰੱਖਿਆ ਹੈ ਤੇ ਇਸ ਯਾਤਰਾ ਦੀ ਰਜਿਸਟ੍ਰੇਸਨ ਦਾ ਕੰਮ ਅਪ੍ਰੈਲ ਮਹੀਨੇ ਦੇ ਆਖਰੀ ਹਫਤੇ ਸੁਰੂ ਹੋਵੇਗਾ ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਜਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ੍ਰ ਜਸਪ੍ਰੀਤ ਸਿੰਘ ਨੇ ਕਿਹਾ ਕਿ ਅੱਤ ਦੀ ਮਹਿੰਗਾਈ ਵਿੱਚ ਗਰੀਬ ਵਰਗ ਦਾ ਧਾਰਮਿਕ ਯਾਤਰਾ ਕਰਨ ਦਾ ਸੁਪਨਾ ਅਧੂਰਾ ਰਹਿ ਜਾਂਦਾ ਸੀ ਪਰ ਇਸ ਸਕੀਮ ਨਾਲ ਉਹ ਧਾਰਮਿਕ ਯਾਤਰਾ ਅਸਾਨੀ ਨਾਲ ਕਰ ਸਕਦਾ ਹੈ ਤੇ ਇਸ ਯੋਜਨਾ ਦਾ ਹੋਰਨਾ ਲੋੜਵੰਦਾ ਨੂੰ ਵੀ ਵੱਡਾ ਲਾਹਾ ਮਿਲੇਗਾ । ਉਨਾ ਕਿਹਾ ਕਿ ਇਸ ਤੋਂ ਪਹਿਲਾ ਕਿਸੇ ਵੀ ਸਰਕਾਰਾਂ ਨੇ ਇਹੋ ਜਿਹਾ ਉਪਰਾਲਾ ਨਹੀ ਕੀਤਾ ਪਰ ਇਹ ਸਭ ਲੋਕਾ ਦੀ ਆਪਣੀ ਚੁਣੀ ਆਪ ਸਰਕਾਰ ਦੇ ਰਾਜਭਾਗ ਵਿੱਚ ਹੀ ਸੰਭਵ ਹੋ ਸਕਿਆ ਹੈ ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਪੰਜਾਬ ਦੀ ਨੁਹਾਰ ਬਦਣ ਲਈ ਸਾਰੀਆਂ ਗਰੰਟੀਆਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਜਿਸ ਤੋਂ ਲੋਕ ਹੁਣ ਆਪਣੇ ਆਪ ਨੂੰ ਸੁਰੱਖਿਅਤ ਰਾਜ ਦੇ ਵਸਨੀਕ ਸਮਝ ਰਹੇ ਹਨ । ਉਨਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਅਥਾਹ ਵਿਕਾਸ ਕਾਰਜ ਹੋ ਰਹੇ ਹਨ, ਗਰੰਟੀਆਂ ਨੂੰ ਹਰ ਹੀਲੇ ਪੂਰਾ ਕੀਤਾ ਜਾ ਰਿਹਾ ਹੈ ।



ਆਵਾਜ਼ਿ ਕੌਮ AWAZE QAUM International Newspaper & WEB TV

# ਪੰਡਤ ਜਗਤ ਰਾਮ ਸਰਕਾਰੀ ਬਹੁਤਕਨੀਕੀ ਕਾਲਜ, ਹੁਸ਼ਿਆਰਪੁਰ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ

**ਹੁਸ਼ਿਆਰਪੁਰ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਡਤ ਜਗਤ ਰਾਮ ਸਰਕਾਰੀ ਬਹੁਤਕਨੀਕੀ ਕਾਲਜ, ਹੁਸ਼ਿਆਰਪੁਰ ਵਿਖੇ ਸਮੂਹ ਸਟਾਫ਼ ਦੇ ਸਹਿਯੋਗ ਨਾਲ ਸਾਲਾਨਾ ਸਮਾਗਮ ਉਤਸਾਹ ਪੂਰਵਕ ਕਰਵਾਇਆ ਗਿਆ। ਸਮਾਰੋਹ ਦਾ ਸ਼ੁਭ ਆਰੰਭ ਮੁਖ ਮਹਿਮਾਨ ਸ਼੍ਰੀ ਤਰੁਣ ਚਾਵਲਾ, ਡਾਇਰੈਕਟਰ (ਵਿੱਤ ਅਤੇ ਪ੍ਰਸ਼ਾਸ਼ਨ) ਵਰਧਮਾਨ ਯਾਰਨਜ਼ ਐਂਡ ਥਰੈਡਸ ਲਿਮਿਟਿਡ, ਹੁਸ਼ਿਆਰਪੁਰ, ਕਾਲਜ ਦੇ ਪ੍ਰਿੰਸੀਪਲ ਸ਼੍ਰੀ ਰਾਜੇਸ਼ ਕੁਮਾਰ ਧੂੰਨਾ ਅਤੇ ਸਮੂਹ ਵਿਭਾਗਾਂ ਦੇ ਮੁਖੀਆਂ ਵੱਲੋਂ ਸ਼ਮਾਂ ਰੋਸ਼ਨ ਕਰਕੇ ਕੀਤਾ ਗਿਆ। ਸਮਾਰੋਹ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਸ਼ਬਦ ਗਾ ਕੇ ਕੀਤੀ ਗਈ। ਇਸ ਤੋਂ ਬਾਅਦ ਵਿਦਿਆਰਥੀਆਂ ਨੇ ਸੋਲੋ ਸੌਂਗ, ਸੋਲੋ ਡਾਂਸ, ਗਰੁੱਪ ਡਾਂਸ ਅਤੇ ਫ਼ਾਕ ਸੌਂਗ ਗਾ ਕੇ ਸਮਾਰੋਹ ਦਾ ਸਮਾਂ ਬੰਨੀ ਰੱਖਿਆ। ਪ੍ਰੋਗਰਾਮ ਦੌਰਾਨ ਵਿੱਦਿਅਕ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਸਟੇਟ ਟਾਪਰਜ਼ ਅਤੇ ਡਿਪਲੋਮਾ ਟਾਪਰਜ਼ ਵਿਦਿਆਰਥੀਆਂ ਨੂੰ ਮੁੱਖ ਮਹਿਮਾਨ ਸ਼੍ਰੀ ਤਰੁਣ ਚਾਵਲਾ, ਸ਼੍ਰੀ ਪ੍ਰਦੀਪ ਡਡਵਾਲ (ਚੀਫ਼ ਸਕਿਉਰਿਟੀ ਅਫ਼ਸਰ), ਸੇਵਾ ਮੁਕਤ ਪ੍ਰਿੰਸੀਪਲ ਸ਼੍ਰੀ ਨਰਿੰਦਰ ਸਿੰਘ, ਸ਼੍ਰੀ ਚੰਦਰਸ਼ੇਖਰ, ਸ਼੍ਰੀ ਵਿਜੈ ਕੁਮਾਰ ਵੱਲੋਂ ਸਨਮਾਨਿਤ ਕੀਤਾ ਗਿਆ। ਮੁੱਖ ਮਹਿਮਾਨ ਨੇ ਆਪਣੇ ਭਾਸ਼ਨ ਦੌਰਾਨ ਬੱਚਿਆਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਭੇਂਟ ਕੀਤੀਆਂ ਅਤੇ ਕਾਰਪੋਰੇਟ ਸੋਸ਼ਲ ਰੇਸਪੋਨਸਿਬਿਲਿਟੀ (ਸੀ.ਐਸ.ਆਰ.) ਮੈਨਜਮੈਂਟ ਪ੍ਰੋਗਰਾਮ ਦੇ ਤਹਿਤ ਵਰਧਮਾਨ ਯਾਰਨਜ ਐਂਡ ਥ੍ਰੈਡਸ ਲਿਮਿਟਿਡ, ਹਸ਼ਿਆਰਪੁਰ ਵੱਲੋਂ ਸਥਾਪਿਤ ਕੀਤੀ ਗਈ ਕੰਪਿਊਟਰ ਲੈਬ ਬਾਰੇ ਜ਼ਿਕਰ ਕੀਤਾ ਅਤੇ ਇਕ ਹੋਰ ਕੰਪਿਊਟਰ ਲੈਬ ਸਥਾਪਿਤ ਕਰਨ ਦਾ ਆਸ਼ਵਾਸਨ ਵੀ ਦਿੱਤਾ। ਪੜ੍ਹਾਈ ਅਤੇ ਖੇਡਾਂ ਵਿੱਚ ਅਵੱਲ ਦਰਜਾ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਵਿਸ਼ੇਸ਼ ਤੋਰ ਤੇ ਪਹੁੰਚੇ ਮਹਿਮਾਨ ਡੀ.ਐਸ.ਭੱਟੀ ਪ੍ਰਿੰਸੀਪਲ (ਜੀ.ਪੀ.ਸੀ.ਬਟਾਲਾ), ਵਿਜੈ ਮਿਨਹਾਸ, ਜਸਬੀਰ ਸਿੰਘ ਵੱਲੋਂ ਸਰਟੀਫਿਕੇਟ, ਸ਼ੀਲਡ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਦੌਰਾਨ PTIS ਵੱਲੋਂ ਆਯੋਜਿਤ ਰਾਜ ਪੱਧਰੀ ਖੇਡ ਮੁਕਾਬਲੇ ਵਿੱਚ ਕਬੱਡੀ ਦੀ ਟੀਮ ਨੂੰ ਪਹਿਲਾ ਸਥਾਨ ਅਤੇ ਯੂਥ ਫੈਸਟੀਵਲ ਵਿੱਚ ਗਿੱਧਾ ਟੀਮ ਨੂੰ ਪਹਿਲਾ, ਰੰਗੋਲੀ ਦੀ ਟੀਮ ਨੂੰ ਤੀਜਾ ਸਥਾਨ ਹਾਸਿਲ ਕਰਨ ਲਈ ਵਿਸ਼ੇਸ਼ ਸਨਮਾਨਿਤ ਕੀਤਾ ਗਿਆ। ਅਖੀਰਲੇ ਭਾਗ ਵਿੱਚ ਵਿਦਿਆਰਥੀਆਂ ਵੱਲੋਂ ਗਿੱਧਾ ਅਤੇ ਭੰਗੜਾ ਪੇਸ਼ ਕੀਤਾ ਗਿਆ। ਕਾਲਜ ਦੇ ਪ੍ਰਿੰਸੀਪਲ ਵੱਲੋਂ ਸਮੂਹ ਸਟਾਫ਼ ਅਤੇ ਸਹਿਯੋਗੀਆਂ ਦਾ ਧੰਨਵਾਦ ਵੀ ਕੀਤਾ ਗਿਆ। ਇਸ ਮੌਕੇ ਵਿਭਾਗੀ ਮੁਖੀ ਸ਼੍ਰੀ ਖੁਸਵਖਤ ਸਿੰਘ, ਸ਼੍ਰੀ ਸੰਜੀਵ ਕੁਮਾਰ, ਸ਼੍ਰੀ ਵਿਪੁਲ ਬੱਗਾ, ਸ਼੍ਰੀਮਤੀ ਜਸਵੰਤ ਕੌਰ, ਸ਼੍ਰੀ ਪੰਕਜ ਚਾਵਲਾ, ਸ਼੍ਰੀ ਸੁਮਿਤ ਵਰਮਾ ਅਤੇ ਸਾਰੇ ਸਟਾਫ਼ ਮੈਂਬਰ ਅਤੇ ਵਿਦਿਆਰਥੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243